EDUCATING LITERATES
LALLY
Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ ਅਮਨਦੀਪ ਮਹਿਰਾ

ਸ਼ੁੱਕਰਵਾਰ 03 ਮਈ 2024

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

R.N.I.Punpun/29016/2008 * ਸਾਲ 15 * ਅੰਕ : 339 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਕੇਂਦਰ ਦਾ ਸੁਪਰੀਮ ਕੋਰਟ ਵਿੱਚ ਇਕਰਾਰ ਸੀਬੀਆਈ ਭਾਰਤ ਸਰਕਾਰ ਅਧੀਨ ਨਹੀਂ




ਦਿੱਲੀ, ਲੋਕ ਬਾਣੀ- ਕੇਂਦਰ ਨੇ ਅੱਜ ਸੁਪਰੀਮ ਕੋਰਟ ਨੂੰ ਕਿਹਾ ਕਿ ਸੀਬੀਆਈ ਉਸ ਦੇ ਕੰਟਰੋਲ ਹੇਠ ਨਹੀਂ ਹੈ। ਕੇਂਦਰ ਨੇ ਪੱਛਮੀ ਬੰਗਾਲ ਸਰਕਾਰ ਵੱਲੋਂ ਦਾਇਰ ਮੁਕੱਦਮੇ 'ਤੇ ਆਪਣੇ ਮੁਢਲੇ ਇਤਰਾਜ਼ 'ਚ ਇਹ ਗੱਲ ਕਹੀ। ਦਰਅਸਲ ਬੰਗਾਲ ਸਰਕਾਰ ਨੇ ਆਪਣੇ ਮੁਕੱਦਮੇ ਵਿੱਚ ਕਿਹਾ ਹੈ ਕਿ ਸੀਬੀਆਈ ਰਾਜ ਦੀ ਅਗਾਊਂ ਇਜਾਜ਼ਤ ਤੋਂ ਬਿਨਾਂ ਕਈ ਮਾਮਲਿਆਂ ਵਿੱਚ ਆਪਣੀ ਜਾਂਚ ਨੂੰ ਅੱਗੇ ਵਧਾ ਰਹੀ ਹੈ। ਪੱਛਮੀ ਬੰਗਾਲ ਸਰਕਾਰ ਨੇ ਸੰਵਿਧਾਨ ਦੀ ਧਾਰਾ 131 ਦੇ ਤਹਿਤ ਕੇਂਦਰ ਖ਼ਿਲਾਫ਼ ਸੁਪਰੀਮ ਕੋਰਟ ਵਿੱਚ ਮੁਕੱਦਮਾ ਦਾਇਰ ਕੀਤਾ ਹੈ, ਜਿਸ ਵਿੱਚ ਦੋਸ਼ ਲਾਇਆ ਗਿਆ ਹੈ.

## ਗੋਲਡੀ ਬਰਾੜ ਦੇ ਮਾਰੇਂ ਜਾਣ ਦੀ ਖ਼ਬਰ ਨਿਕਲੀ ਝੂਠੀ ਅਮਰੀਕਾ ਪੁਲਿਸ

ਕੈਲੀਫੋਰਨੀਆ, - ਫਰਿਜ਼ਨੋ ਵਿੱਚ ਗੋਲੀਬਾਰੀ ਤੋਂ ਬਾਅਦ ਅਮਰੀਕੀ ਪੁਲੀਸ ਨੇ ਕਿਹਾ ਹੈ ਕਿ ਇਹ ਘਟਨਾ ਕਿਸੇ ਵੀ ਤਰ੍ਹਾਂ ਭਾਰਤੀ ਦੀ ਹੱਤਿਆ ਨਾਲ ਸਬੰਧਤ ਨਹੀਂ ਹੈ। ਗੋਲੀਬਾਰੀ ਵਿੱਚ ਕਰਨ ਵਾਲੇ ਦੀ ਪਛਾਣ 37 ਸਾਲਾ ਜ਼ੇਵੀਅਰ ਗਲੇਡਨੀ ਵਜੋਂ ਹੋਈ ਹੈ। ਫਰਿਜ਼ਨੋ ਦੇ ਅਧਿਕਾਰੀਆਂ ਦਾ ਇਹ ਸਪੱਸ਼ਟੀਕਰਨ ਕਈ ਸੋਸ਼ਲ ਮੀਡੀਆ ਰਿਪੋਰਟਾਂ ਤੋਂ ਬਾਅਦ ਆਇਆ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ।

## ਪੰਜਾਬ ਵਿੱਚ ਚੋਣ ਕਮਿਸ਼ਨ ਨੇ ਆਪ,ਤੇ ਅਕਾਲੀ ਦਲ ਨੂੰ ਚੋਣ ਜ਼ਾਬਤਾ ਦੀ ਉਲੰਘਣਾ ਨਾਂ ਕਰਨ ਦੀ ਚੇਤਾਵਨੀ ਦਿੱਤੀ

ਜਲੰਧਰ, ਹਰਬੰਸ ਬਿੱਟੂ- ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਅਲੱਗ-ਅਲੱਗ ਮਾਮਲਿਆਂ ਵਿਚ ਚੋਣ ਜ਼ਾਬਤੇ ਦੀ ਉਲੰਘਣਾ ਦੇ ਦੋਸ਼ ਤਹਿਤ Akali Dal ਤੇ AAP ਨੂੰ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ ਚੇਤਾਵਨੀ ਜਾਰੀ ਕੀਤੀ ਗਈ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਆਮ ਆਦਮੀ ਪਾਰਟੀ ਦੇ ਸੂਬਾ ਕਨਵੀਨਰ ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਲੋਕ ਸਭਾ ਚੋਣਾਂ-2024 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਖਿਲਾਫ ਇਕ ਵੀਡਿਓ ਵਿਚ 'ਦਿੱਲੀ ਦੇ ਦਲਾਲ' ਸ਼ਬਦ ਦੀ ਵਰਤੋਂ ਕੀਤੀ ਗਈ ਸੀ ਜੋ ਕਿ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਹੈ। ਸ਼੍ਰੋਮਣੀ ਅਕਾਲੀ ਦਲ ਨੇ ਬਾਅਦ ਵਿਚ ਇਹ ਵੀਡਿਓ ਹਟਾ ਲਈ ਸੀ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਚੋਣ ਰੈਲੀ ਵਿਚ ਬੱਚਿਆਂ ਦੀ ਸ਼ਮੂਲੀਅਤ ਦੇ ਮਾਮਲੇ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਮੰਨਿਆ ਗਿਆ ਹੈ।

## ਪੰਜਾਬ ਦੇ ਲੁਧਿਆਣਾ ਦੀ ਫੈਕਟਰੀ 'ਚ ਹੋਇਆ ਧਮਾਕਾ ਦੀ ਮੌਤ

ਲੁਧਿਆਣਾ, ਸੁਖਚੈਨ ਮਹਿਰਾ- ਲੁਧਿਆਣਾ ਦੀ ਰਬੜ ਫੈਕਟਰੀ ਵਿਚ ਬੁਆਇਲਰ ਫਟਣ ਕਾਰਨ ਦੋ ਮਜ਼ਦੂਰਾਂ ਦੀ ਮੌਤ ਹੋ ਗਈ। ਪੁਲੀਸ ਨੇ ਦੱਸਿਆ ਕਿ ਹਾਦਸਾ ਜਸਪਾਲ ਬੰਗੜ ਪਿੰਡ ਦੇ ਉਦਯੋਗਿਕ ਖੇਤਰ ਵਿੱਚ ਸਥਿਤ ਫੈਕਟਰੀ ਵਿੱਚ ਹੋਇਆ। ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਘਟਨਾ ਸਬੰਧੀ ਮਾਮਲਾ ਦਰਜ ਕਰ ਲਿਆ ਗਿਆ ਹੈ।

## ਕਾਂਗਰਸ ਦੇ ਵੱਡੇ ਲੀਡਰ ਨੇ ਕੀਤੀ ਖੁਦਕੁਸ਼ੀ



ਇੰਦੌਰ :- ਰਾਊ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਕਾਂਗਰਸ ਨੇਤਾ ਮਨੋਜ ਸੂਲੇ ਨੇ ਬੁੱਧਵਾਰ ਨੂੰ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। 60 ਸਾਲਾ ਮਨੋਜ ਦੀ ਲਾਸ਼ ਉਸ ਦੇ ਕੋਲਡ ਸਟੋਰ 'ਚੋਂ ਮਿਲੀ। ਖ਼ੁਦਕੁਸ਼ੀ ਦੇ ਕਾਰਨਾਂ ਬਾਰੇ ਹਾਲੇ ਤੱਕ ਸਪੱਸ਼ਟ ਨਹੀਂ ਹੋ ਸਕਿਆ ਹੈ।

## ਮਈ ਦੀ 25 ਤੋਂ ਯਾਤਰਾ ਸ਼ੁਰੂ ਗੁਰਦੁਆਰਾ ਹੇਮਕੁੰਟ ਸਾਹਿਬ ਦੇ ਕਿਵਾੜ ਖੁੱਲ੍ਹੇ



ਅੰਮ੍ਰਿਤਸਰ, - ਉੱਤਰਾਖੰਡ ਵਿਖੇ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਾਪਤ ਗੁਰਦੁਆਰਾ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਦੀ ਆਰੰਭਤਾ ਵਾਸਤੇ ਭਾਰਤੀ ਫੌਜ ਦੇ ਜਵਾਨਾਂ ਵੱਲੋਂ ਰਸਤੇ ਤਿਆਰ ਕਰਨ ਦੀ ਸ਼ੁਰੂ ਕੀਤੀ ਸੇਵਾ ਤਹਿਤ ਅੱਜ ਅਰਦਾਸ ਮਗਰੋਂ ਗੁਰਦੁਆਰੇ ਦੇ ਕਿਵਾੜ ਖੋਲ੍ਹੇ ਗਏ ਹਨ। ਗੁਰਦੁਆਰਾ ਹੇਮਕੁੰਟ ਸਾਹਿਬ ਦੇ ਆਲੇ ਦੁਆਲੇ 12 ਤੋਂ 15 ਫੁੱਟ ਬਰਫ ਹੈ ਅਤੇ ਸਰੋਵਰ ਜੰਮਿਆ ਹੋਇਆ ਹੈ।

## ਮਸ਼ਹੂਰ ਅਦਾਕਾਰਾ ਦੀ ਹੋਈ ਸ਼ੱਕੀ ਹਾਲਾਤ ਵਿੱਚ ਮੌਤ



ਇੱਕ ਦੁਖਦਾਈ ਖਬਰ ਫਿਲਮ ਇੰਡਸਟਰੀ ਤੋਂ ਆ ਰਹੀ ਹੈ, ਜਿਸ ਨੇ ਖੇਤਰੀ ਸਿਨੇਮਾ ਦੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਹਾਲ ਹੀ 'ਚ ਜਾਣਕਾਰੀ ਮਿਲੀ ਹੈ ਕਿ ਅਭਿਨੇਤਰੀ ਅੰਮ੍ਰਿਤਾ ਪਾਂਡੇ ਦੀ ਮੌਤ ਹੋ ਗਈ ਹੈ ਅਤੇ ਉਹ 27 ਅਪ੍ਰੈਲ ਨੂੰ ਬਿਹਾਰ 'ਚ ਆਪਣੇ ਅਪਾਰਟਮੈਂਟ 'ਚ ਮ੍ਰਿਤਕ ਪਾਈ ਗਈ ਸੀ।

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111

# ਪੰਜਾਬ 'ਚ ਸੈਰ ਕਰ ਰਹੀ ਔਰਤ 'ਤੇ ਆਵਾਰਾ ਕੁੱਤਿਆਂ ਵੱਲੋਂ ਹਮਲਾ, ਮੌਤ



ਗੁਰਦਾਸਪੁਰ, – ਗੁਰਦਾਸਪੁਰ ਦੇ ਪਿੰਡ ਕਿਸ਼ਨਪੁਰ 'ਚ ਅਵਾਰਾ ਕੁੱਤਿਆਂ ਦੇ ਟੋਲੇ ਨੇ ਇਕ ਔਰਤ ਨੂੰ ਬੁਰੀ ਤਰ੍ਹਾਂ ਵੱਢ ਲਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਮ੍ਰਿਤਕਾ ਇਨ੍ਹੀਂ ਦਿਨੀਂ ਆਪਣੇ ਪੇਕੇ ਘਰ ਆਈ ਹੋਈ ਸੀ। ਉਹ ਸੈਰ ਕਰਨ ਲਈ ਘਰੋਂ ਨਿਕਲੀ ਸੀ, ਜਿਸ ਦੌਰਾਨ ਉਸ ਨੂੰ ਕੁੱਤਿਆਂ ਨੇ ਘੇਰ ਲਿਆ ਅਤੇ ਹਮਲਾ ਕਰ ਦਿੱਤਾ। ਉਸ ਨੂੰ ਇੰਨੀ ਬੁਰੀ ਤਰ੍ਹਾਂ ਨੋਚਿਆ ਗਿਆ ਕਿ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਹਰਜੀਤ ਕੌਰ ਪੁੱਤਰੀ ਪ੍ਰੀਤਮ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਲੜਕੀ ਹਰਜੀਤ ਕੌਰ ਦਾ ਵਿਆਹ ਪਿੰਡ ਖੋਜਕੀਪੁਰ ਦੇ ਰਹਿਣ ਵਾਲੇ ਹਰਜਿੰਦਰ ਸਿੰਘ ਨਾਲ ਹੋਇਆ ਸੀ। ਉਸਦਾ ਪਤੀ ਬੀਐਸਐਫ ਵਿੱਚ ਹੈ। ਉਸ ਦੇ ਅੱਠ ਅਤੇ ਚਾਰ ਸਾਲ ਦੇ ਦੋ ਪੁੱਤਰ ਹਨ।

ਹਰਜੀਤ ਕੌਰ ਪਿਛਲੇ ਕੁਝ ਦਿਨਾਂ ਤੋਂ ਆਪਣੇ ਪੇਕੇ ਘਰ ਆਈ ਹੋਈ ਸੀ। ਉਹ ਅੱਜ ਸਵੇਰੇ ਕਰੀਬ ਪੰਜ ਵਜੇ ਸੈਰ ਕਰਨ ਲਈ ਘਰੋਂ ਨਿਕਲੀ ਸੀ। ਕਾਫੀ ਦੇਰ ਤੱਕ ਜਦੋਂ ਉਹ ਵਾਪਸ ਨਹੀਂ ਆਈ ਤਾਂ ਪਰਿਵਾਰ ਵਾਲਿਆਂ ਨੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ। ਉਸ ਦੀ ਲਾਸ਼ ਪਿੰਡ ਜਾਗੋਵਾਲ ਬੇਟ ਦੇ ਸ਼ਮਸ਼ਾਨਘਾਟ ਕੋਲ ਪਈ ਮਿਲੀ। ਨੇੜੇ ਹੀ ਕੁੱਤਿਆਂ ਦਾ ਟੋਲਾ ਵੀ ਬੈਠਾ ਸੀ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਆਵਾਰਾ ਕੁੱਤਿਆਂ ਦੀ ਸਮੱਸਿਆ ਤੋਂ ਨਿਜਾਤ ਦਿਵਾਈ ਜਾਵੇ ਤਾਂ ਜੋ ਕੋਈ ਹੋਰ ਇਨ੍ਹਾਂ ਦਾ ਸ਼ਿਕਾਰ ਨਾ ਹੋਵੇ। ਪੁਲਸ ਥਾਣਾ ਭੈਣੀ ਮੀਆਂ ਖਾਂ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਗੁਰਦਾਸਪੁਰ ਭੇਜ ਦਿੱਤਾ ਹੈ।

# ਮੀਂਹ ਅਤੇ ਪਹਾੜਾਂ 'ਤੇ ਬਰਫਬਾਰੀ ਨੇ ਬਦਲਿਆ ਪੰਜਾਬ ਦਾ ਮੌਸਮ, ਵਿਭਾਗ ਨੇ ਜਾਰੀ ਕੀਤਾ ਅਲਰਟ



ਪੰਜਾਬ: ਭਾਰਤ ਵਿੱਚ ਮੌਸਮ ਹਰ ਪਲ ਬਦਲ ਰਿਹਾ ਹੈ। ਜਿੱਥੇ ਕੁਝ ਰਾਜਾਂ ਵਿੱਚ ਮੀਂਹ ਕਾਰਨ ਠੰਢਕ ਹੈ, ਉੱਥੇ ਹੀ ਕਈ ਗਰਮ ਹਵਾਵਾਂ ਵੀ ਚੱਲ ਰਹੀਆਂ ਹਨ। ਇਸ ਦੇ ਨਾਲ ਹੀ ਗਰਮੀਆਂ ਦੇ ਤੀਸਰੇ ਮਹੀਨੇ ਵੀ ਪੰਜਾਬ ਨੂੰ ਕੜਾਕੇ ਦੀ ਗਰਮੀ ਅਤੇ ਗਰਮੀ ਤੋਂ ਰਾਹਤ ਮਿਲ ਰਹੀ ਹੈ।

ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਸਰਗਰਮ ਪੱਛਮੀ ਗੜਬੜੀ ਕਾਰਨ 4 ਤੋਂ 7 ਮਈ ਤੱਕ ਰਾਜ ਵਿੱਚ ਅੰਸ਼ਕ ਤੌਰ 'ਤੇ ਬੱਦਲਵਾਈ ਰਹੇਗੀ। ਵਿਭਾਗ ਦੇ ਅਨੁਸਾਰ 4 ਮਈ ਤੋਂ 6 ਮਈ ਤੱਕ ਉੱਤਰ ਪ੍ਰਦੇਸ਼, ਹਰਿਆਣਾ, ਦਿੱਲੀ, ਪੰਜਾਬ, ਰਾਜਸਥਾਨ ਵਿੱਚ ਗਰਜ ਅਤੇ ਬਿਜਲੀ ਦੇ ਨਾਲ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

ਇਸ ਦੌਰਾਨ, ਭਾਰਤ ਦੇ ਮੌਸਮ ਵਿਭਾਗ (IMD) ਨੇ ਅੱਜ 2 ਮਈ ਨੂੰ ਕਈ ਰਾਜਾਂ ਵਿੱਚ ਹੀਟਵੇਵ ਅਲਰਟ ਜਾਰੀ ਕੀਤਾ ਹੈ ਅਤੇ ਪੰਜ ਉੱਤਰ-ਪੂਰਬੀ ਰਾਜਾਂ ਵਿੱਚ ਭਾਰੀ ਬਾਰਿਸ਼ ਲਈ ਇੱਕ ਸੰਤਰੀ ਚੇਤਾਵਨੀ ਜਾਰੀ ਕੀਤੀ ਹੈ।

ਆਈਐਮਡੀ ਦੇ ਵਿਗਿਆਨੀ ਨੇ ਕਿਹਾ ਕਿ ਗਰਮੀ ਦੀ ਲਹਿਰ ਤੋਂ ਪ੍ਰਭਾਵਿਤ ਮੁੱਖ ਖੇਤਰ ਪੂਰਬੀ ਭਾਰਤ ਹੈ ਅਤੇ ਪ੍ਰਾਇਦੀਪ ਭਾਰਤ ਵਿੱਚ ਇਸ ਦੀ ਤੀਬਰਤਾ ਥੋੜ੍ਹੀ ਘੱਟ ਹੈ। ਇਹਨਾਂ ਖੇਤਰਾਂ ਵਿੱਚ ਗਰਮੀ ਦੀਆਂ ਲਹਿਰਾਂ ਵਧੇਰੇ ਗੰਭੀਰ ਅਤੇ ਵਧੇਰੇ ਤੀਬਰ ਹੋਣ ਦੀ ਸੰਭਾਵਨਾ ਹੈ

ਗੰਗਾ ਪੱਛਮੀ ਬੰਗਾਲ ਵਿੱਚ 4 ਦਿਨ, ਓਡੀਸ਼ਾ ਵਿੱਚ 3 ਦਿਨ ਅਤੇ ਬਿਹਾਰ ਵਿੱਚ 3 ਦਿਨਾਂ ਲਈ ਗਰਮੀ ਦੀ ਲਹਿਰ ਨਾਲ ਸਬੰਧਤ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਤੇਲੰਗਾਨਾ, ਅੰਦਰੂਨੀ ਕਰਨਾਟਕ ਅਤੇ ਤੱਟੀ ਆਂਧਰਾ ਪ੍ਰਦੇਸ਼ 'ਚ ਅਗਲੇ 4-5 ਦਿਨਾਂ ਦੌਰਾਨ ਆਰੇਂਜ ਜਾਂ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

# ਰੈਲੀ 'ਚ ਪਹੁੰਚੇ ਸਾਬਕਾ ਸੀਐੱਮ ਚਰਨਜੀਤ ਚੰਨੀ ਨੂੰ ਔਰਤਾਂ ਨੇ ਘੇਰਾ, ਜਬਰਦਸਤ ਵਿਰੋਧ ਕੀਤਾ



ਫਿਲੌਰ: ਲੋਕ ਸਭਾ ਚੋਣਾਂ ਜਿੱਤਣ ਲਈ ਕਾਂਗਰਸੀ ਉਮੀਦਵਾਰ ਅਤੇ ਪੰਜਾਬ ਦੇ ਸਾਬਕਾ ਸੀਐਮ ਚਰਨਜੀਤ ਸਿੰਘ ਚੰਨੀ ਫਿਲੌਰ ਵਿੱਚ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਨ ਪਹੁੰਚੇ ਪਰ ਉੱਥੇ ਭਾਰੀ ਹੰਗਾਮਾ ਹੋਇਆ।

ਪਰ, ਉਸ ਨੂੰ ਫਿਲੌਰ ਵਿੱਚ ਔਰਤਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ। ਦੂਜੇ ਪਾਸੇ ਵਰਕਰਾਂ ਨੇ ਬਿਕਰਮ ਚੌਧਰੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਕ ਵਿਅਕਤੀ ਨੇ ਤਾਂ ਚੌਧਰੀ ਨੂੰ ਵਿਕਾਊ ਅਤੇ ਵਾਰੀ-ਵਾਰੀ ਵੀ ਕਿਹਾ।

ਦਰਅਸਲ, ਔਰਤਾਂ ਚੰਨੀ ਨੂੰ ਕਾਲੀਆਂ ਝੰਡੀਆਂ ਦਿਖਾਉਣ ਆਈਆਂ ਸਨ। ਉਸ ਦਾ ਕਹਿਣਾ ਹੈ ਕਿ ਚੰਨੀ ਚੌਧਰੀ ਪਰਿਵਾਰ ਵੱਲੋਂ ਕੀਤੇ ਜਾ ਰਹੇ ਕੰਮ ਨੂੰ ਸੰਭਾਲਣ ਦੀ ਕੋਸ਼ਿਸ਼ ਕਰ ਰਹੇ ਹਨ।

ਔਰਤਾਂ ਦਾ ਕਹਿਣਾ ਹੈ ਕਿ ਉਹ ਜਲੰਧਰ ਤੋਂ ਫਿਲੌਰ ਤੱਕ ਚੌਧਰੀ ਪਰਿਵਾਰ ਵੱਲੋਂ ਕੀਤੇ ਜਾ ਰਹੇ ਕੰਮ ਨੂੰ ਜਾਰੀ ਰੱਖਣਾ ਚਾਹੁੰਦੀਆਂ ਹਨ। ਦੂਜੇ ਪਾਸੇ ਲੋਕਾਂ ਨੇ ਦੋਸ਼ ਲਾਇਆ ਕਿ ਔਰਤਾਂ ਨੂੰ ਦਿਹਾੜੀ ਦੇ ਕੇ ਬੁਲਾਇਆ ਗਿਆ।

# ਆਬਕਾਰੀ ਨੀਤੀ ਮਾਮਲੇ 'ਚ ਜ਼ਮਾਨਤ ਲਈ ਦਿੱਲੀ ਹਾਈਕੋਰਟ ਪਹੁੰਚੇ ਮਨੀਸ਼ ਸਿਸੋਦੀਆ, ਕੱਲ੍ਹ ਹੋਵੇਗੀ ਸੁਣਵਾਈ

ਨਵੀਂ ਦਿੱਲੀ: ਆਮ ਆਦਮੀ ਪਾਰਟੀ (ਆਪ) ਨੇਤਾ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੀ ਮੁਸ਼ਕਲ ਘੱਟ ਹੋਣੀ ਚਾਹੀਦੀ ਹੈ। ਉਤਪਾਦ ਨੀਤੀ 021 ਵਿਚ ਕਥ 2 ਦਿੱਲੀ ਵਿਚ ਪ੍ਰਤੀਨਿਧਾਂ ਦੇ ਸਬੰਧ ਵਿਚ ਉਹਨਾਂ ਦੇ ਵਿਰੁੱਧ-ਵੱਖ-ਵੱਖ ਮਾਮਲਿਆਂ ਵਿਚ ਇਕ ਵਿਸ਼ੇਸ਼ ਅਦਾਲਤ ਦੁਆਰਾ ਜਮ੍ਹਾ ਕਰਨ ਤੋਂ ਇਨਕਾਰ ਕਰਨਾ ਸੀ।

ਉਨ੍ਹਾਂ ਨੇ ਦਿੱਲੀ ਹਾਈ ਕੋਰਟ ਦਾ ਦਰਵਾਜ਼ਾ ਹਾਲਾਂਕਿ ਦਲੀਲਾਂ 'ਤੇ ਵਿਚਾਰ ਕਰਦੇ ਹਨ ਅਦਾਲਤ ਸ਼ੁੱਕਰਵਾਰ ਨੂੰ ਮਾਮਲੇ ਦੀ ਸੁਣਵਾਈ ਲਈ ਸਹਿਮਤ ਹੋ ਜਾਂਦੀ ਹੈ।

ਮੰਗਵਾਰ ਨੂੰ, ਸ਼ਹਿਰ ਦੀ ਅਦਾਲਤ ਨੇ ਪ੍ਰਵਰਤਣ ਨਿਸ਼ਾਲਿਆ (ਈਡੀ) ਦੁਆਰਾ ਦਰਜ ਕੇਸ ਵਿੱਚ ਉਹਨਾਂ ਨੂੰ ਜਮ੍ਹਾ ਕਰਨ ਤੋਂ ਇਨਕਾਰ ਕਰਨ ਲਈ ਫੈਸਲਾ ਸੁਣਾਇਆ ਗਿਆ ਸੀ ਕਿ ਸਿਸੋਦੀਆ ਨੇ ਨਿੱਜੀ ਤੌਰ 'ਤੇ ਅਤੇ ਹੋਰ ਟਿੱਪਣੀਆਂ ਦੇ ਨਾਲ, ਦਿੱਲੀ ਉਤਪਾਦ ਦੀ ਸ਼ੁਲਕ ਨੀਤੀ ਤੋਂ ਸਬੰਧਤ ਅਦਾਲਤੀ ਕਾਰਵਾਈ ਦੀ ਮੰਗ ਕੀਤੀ। ਦਿੱਤਾ ਸੀ।



# ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦੀ ਪਤਨੀ ਨੂੰ ਸੋਸ਼ਲ ਮੀਡੀਆ 'ਤੇ ਕੀਤਾ ਜਾ ਰਿਹਾ ਟ੍ਰੋਲ, ਸਟੇਜ ਤੋਂ ਕਿਹਾ- ਆਪ ਪਾਰਟੀ ਨੂੰ ਦਿਓ ਵੋਟ

ਜਲੰਧਰ: ਲੋਕ ਸਭਾ ਚੋਣਾਂ ਜਿੱਤਣ ਲਈ ਸਾਰੀਆਂ ਪਾਰਟੀਆਂ ਰੈਲੀਆਂ ਅਤੇ ਪ੍ਰਚਾਰ ਵਿੱਚ ਰੁੱਝੀਆਂ ਹੋਈਆਂ ਹਨ। ਇਸ ਦੌਰਾਨ ਜਲੰਧਰ ਤੋਂ ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦੀ ਪਤਨੀ ਸੁਨੀਤਾ ਰਿੰਕੂ ਨੂੰ ਕਾਫੀ ਟ੍ਰੋਲ ਕੀਤਾ ਜਾ ਰਿਹਾ ਹੈ।

ਦਰਅਸਲ, ਭਾਸ਼ਣ ਦਿੰਦੇ ਸਮੇਂ ਉਮੀਦਵਾਰ ਸੁਸ਼ੀਲ ਰਿੰਕੂ ਦੀ ਪਤਨੀ ਅਚਾਨਕ ਤਿਲਕ ਗਈ ਅਤੇ ਸਟੇਜ ਤੋਂ ਬੋਲ ਪਈ, ਕਿਰਪਾ ਕਰਕੇ ਇੱਕ ਵੋਟ ਆਮ ਆਦਮੀ ਪਾਰਟੀ ਨੂੰ ਪਾਓ ।

ਹਾਲਾਂਕਿ ਬਾਅਦ 'ਚ ਉਨ੍ਹਾਂ ਨੇ ਆਪਣੀ ਗਲਤੀ ਨੂੰ ਸੁਧਾਰਦੇ ਹੋਏ ਮਾਫੀ ਮੰਗਦੇ ਹੋਏ ਭਾਜਪਾ ਨੂੰ ਵੋਟ ਕਰਨ ਦੀ ਗੱਲ ਕਹੀ। ਪਰ, ਉਸ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ ਅਤੇ ਉਸ ਨੂੰ ਕਾਫੀ ਟ੍ਰੋਲ ਕੀਤਾ ਜਾ ਰਿਹਾ ਹੈ। ਤੁਹਾਨੂੰ ਦੱਸ ਦੇਈਏ ਕਿ ਸੁਨੀਤਾ ਰਿੰਕੂ ਅਤੇ ਉਨ੍ਹਾਂ ਦੇ ਪਤੀ ਸੁਸ਼ੀਲ ਰਿੰਕੂ ਪਹਿਲਾਂ ਆਮ ਆਦਮੀ ਪਾਰਟੀ ਵਿੱਚ ਸਨ, ਜੋ ਹਾਲ ਹੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਹਨ।

# ਕੇਂਦਰ ਸਰਕਾਰ ਮਜ਼ਦੂਰਾਂ ਦੀ ਬਜਾਏ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਕਰ ਰਹੀ ਹੈ ਕੰਮ:- ਗਗੜਾ

## ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਮਨਾਇਆ ਗਿਆ ਮਜ਼ਦੂਰ ਦਿਵਸ

ਕੋਟ ਈਸੇ ਖਾਂ, 02 ਮਈ (ਅਰੋੜਾ)- ਅੱਜ ਦੇ ਦਿਨ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਮਜ਼ਦੂਰਾਂ ਵੱਲੋਂ ਕੱਢਿਆ ਗਿਆ ਇਕ ਲਾਮਿਸਾਲ ਰੋਸ ਮਾਰਚ ਜੋ ਕਿ ਕੰਮ ਦੇ ਘੰਟੇ 14- 14 ਕੰਮ ਦੇ ਘੰਟਿਆਂ ਨੂੰ ਅੱਠ ਘੰਟੇ ਕਰਨ ਦੀ ਮੰਗ ਕਰ ਰਹੇ ਸਨ ਜਿਸਤੇ ਅਮਰੀਕਾ ਦੀ ਸਰਕਾਰ ਵੱਲੋਂ ਗੋਲੀਆਂ ਚਲਵਾ ਕੇ ਕਈ ਬੱਚੇ ਅਤੇ ਮਜ਼ਦੂਰ ਸ਼ਹੀਦ ਕਰ ਦਿੱਤੇ ਗਏ ਅਤੇ ਕਈਆਂ ਨੂੰ ਫਾਂਸੀ ਤੇ ਲਟਕਾਇਆ ਗਿਆ ਪ੍ਰੰਤੂ ਆਖਰ ਇਹਨਾਂ ਦੇ ਕਈ ਜਗਹਾ ਕੀਤੇ ਗਏ ਵੱਡੇ ਸੰਘਰਸ਼ਾਂ ਅੱਗੇ ਸਰਕਾਰ ਨੂੰ ਝੁਕਣਾ ਪਿਆ ਅਤੇ ਉਸ ਦਿਨ ਤੋਂ ਕੰਮ ਦੇ ਘੰਟੇ ਅੱਠ ਘੰਟੇ ਕੀਤੇ ਗਏ। ਇਹਨਾਂ ਗੱਲਾਂ ਦੀ ਜਾਣਕਾਰੀ ਇਥੋਂ ਧਰਮਕੋਟ ਰੋਡ ਤੇ ਮਨਾਏ ਗਏ ਮਈ ਦਿਵਸ ਤੇ ਕਾ: ਸੁਰਜੀਤ ਸਿੰਘ ਗਗੜਾ, ਕਾਮਰੇਡ ਜੀਤਾ ਸਿੰਘ ਨਾਰੰਗ ਅਤੇ ਕਾਮਰੇਡ ਰਾਮ ਕਿਸ਼ਨ ਵੱਲੋਂ ਆਪਣੇ ਸੰਬੋਧਨਾਂ ਵਿੱਚ ਕੀਤਾ ਗਿਆ। ਉਨਾਂ ਦੱਸਿਆ ਕਿ ਇਸ ਰੋਸ ਮਾਰਚ ਉੱਪਰ ਚਲਾਈਆਂ ਗੋਲੀਆਂ ਨਾਲ ਇੱਕ ਗੋਲੀ ਇੱਕ ਔਰਤ ਦੇ ਕੁੱਛੜ ਚੁੱਕੇ ਬਾਲਕ ਤੇ ਜਾ ਲੱਗੀ ਜਿਸ ਨੂੰ ਉਸ ਨੇ ਆਪਣੀ



ਚੁੰਨੀ ਵਿਚ ਲਪੇਟ ਲਿਆ ਜੋ ਕਿ ਬੱਚੇ ਦੇ ਖੂਨ ਨਾਲ ਲਾਲ ਹੋ ਗਿਆ। ਇਸੇ ਕਰਕੇ ਉਸੇ ਦਿਨ ਤੋਂ ਮਜ਼ਦੂਰ ਜਮਾਤ ਦੇ ਝੰਡੇ ਦਾ ਰੰਗ ਲਾਲ ਚਲਿਆ ਆ ਰਿਹਾ ਹੈ ਜੋ ਕਿ ਸ਼ਹੀਦੀਆਂ ਦਾ ਪ੍ਰਤੀਕ ਹੈ। ਉਹਨਾਂ ਇਹ ਵੀ ਕਿਹਾ ਕਿ ਇਹ ਦਿਨ ਲਗਭਗ ਸਾਰੀ ਦੁਨੀਆ ਵਿੱਚ ਬਤੌਰ ਮਜ਼ਦੂਰਾਂ ਦਾ ਦਿਨ ਕਰਕੇ ਮਨਾਇਆ ਜਾਂਦਾ ਹੈ ਪ੍ਰੰਤੂ ਅਫਸੋਸ ਦੀ ਗੱਲ ਹੈ ਕਿ ਕੇਂਦਰ ਸਰਕਾਰ ਮਜ਼ਦੂਰਾਂ ਪ੍ਰਤੀ ਸੌੜੇ ਹੱਥ ਕੰਡੇ ਅਪਣਾਉਂਦੀ ਹੋਈ ਉਹਨਾਂ ਦੇ ਹੱਕਾਂ ਵਾਲੇ ਕਾਨੂੰਨਾਂ ਨੂੰ ਤੋੜ ਕੇ ਫਿਰ ਤੋਂ ਮਜ਼ਦੂਰ ਵਿਰੋਧੀ ਕਾਨੂੰਨ ਬਣਾ ਕੇ ਉਹਨਾਂ ਤੇ ਕਈ ਤਰਾਂ ਦੇ ਬੋਝ ਪਾਉਣ ਦੇ ਮਨਸੂਬੇ ਬਣਾ ਰਹੀ ਹੈ ਜੋ ਕਿ ਕਦਾ ਚਿੱਤ ਵੀ ਬਰਦਾਸ਼ਤ ਨਹੀਂ ਕੀਤੇ ਜਾਣਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਰਵਣ ਕੁਮਾਰ ਸਦਰ ਕੋਟ, ਸੁਖਦੇਵ ਸਿੰਘ ਗਲੋਟੀ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ ਸੋਹੀ, ਰੇਸ਼ਮ ਸਿੰਘ ਭਿੰਡਰ, ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਕਲਸੀ, ਹਰਭਜਨ ਸਿੰਘ, ਮੰਗਤ ਰਾਮ ਟੱਕਰ, ਵੀਰ ਸਿੰਘ, ਗੁਰਿੰਦਰ ਸਿੰਘ ਮਸੀਤਾਂ, ਅੰਗਰੇਜ਼ ਬਿੱਟੂ, ਸੁਖਜਿੰਦਰ ਪਾਲ ਸਿੰਘ, ਸੁਖਦੇਵ ਸਿੰਘ ਅਤੇ ਲਵਪ੍ਰੀਤ ਸਿੰਘ ਟੱਕਰ ਆਦਿ ਹਾਜ਼ਰ ਸਨ।

## ਬਾਬਾ ਗੁਰਦਿੱਤਾ ਪਬਲਿਕ ਸਕੂਲ ਭੂਮੇਵਾਲ ਦਾ ਅੱਠਵੀਂ, ਦਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ

ਸ੍ਰੀ ਅਨੰਦਪੁਰ ਸਾਹਿਬ, 2 ਮਈ(ਦਵਿੰਦਰਪਾਲ ਸਿੰਘ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪਿਛਲੇ ਦਿਨੀਂ ਅੱਠਵੀਂ, ਦੱਸਵੀਂ ਅਤੇ ਬਾਰਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ ਹਨ। ਜਿਸ ਵਿਚ ਬਾਬਾ ਗੁਰਦਿੱਤਾ ਪਬਲਿਕ ਸਕੂਲ ਭੂਮੇਵਾਲ ਦਾ ਨਤੀਜਾ 100 ਫੀਸਦੀ ਰਿਹਾ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਰਾਜਿੰਦਰ ਕਿਸਾਨਾ ਨੇ ਦੱਸਿਆ ਕਿ ਬੋਰਡ ਵੱਲੋਂ ਅੱਠਵੀਂ, ਦੱਸਵੀਂ,ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦੀ ਮਾਰਚ ਵਿੱਚ ਪ੍ਰੀਖਿਆ ਲਈ ਗਈ ਸੀ, ਜਿਸ ਦੇ ਨਤੀਜੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਘੋਸ਼ਿਤ ਕੀਤੇ ਗਏ। ਅੱਠਵੀਂ ਜਮਾਤ ਵਿੱਚੋ ਪੰਕਜ਼ ਕੁਮਾਰ ਨੇ 90% ਅਰਸ਼ਪ੍ਰੀਤ ਕੌਰ ਨੇ 88% ਤੇ ਬਰਿੰਦਰਜੀਤ ਸਿੰਘ ਨੇ 85% ਅੰਕ ਪ੍ਰਾਪਤ ਕੀਤੇ ਗਏ। ਇਸੇ ਤਰ੍ਹਾਂ ਦੱਸਵੀਂ ਜਮਾਤ ਵਿੱਚੋਂ ਨਵਜੋਤ ਕੌਰ ਨੇ 90%, ਇਸ਼ਨੀਤ ਕੋਰ ਨੇ 88% ,ਹੀਛੂ ਨੇ 87% ਅੰਕ ਪ੍ਰਾਪਤ ਕੀਤੇ ਤੇ ਬਾਰਵੀਂ ਜਮਾਤ ਵਿਚੋਂ ਸਾਲਵੀ ਰਾਣਾ ਨੇ 93% ਪਲਕਪ੍ਰੀਤ ਕੋਰ ਨੇ 92% ਤੇ ਮਨਪ੍ਰੀਤ ਕੌਰ ਨੇ 85% ਅੰਕ ਪ੍ਰਾਪਤ ਕੀਤੇ। ਅਤੇ ਬਾਕੀ ਵਿਦਿਆਰਥੀਆਂ ਨੇ ਵੀ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ। ਸ਼੍ਰੀ ਰਾਜਿੰਦਰ ਕਿਸਾਨਾ ਨੇ ਕਿਹਾ ਕਿ ਇਹ ਸਭ ਉਨ੍ਹਾਂ ਦੇ ਸਕੂਲ ਦੇ ਸਟਾਫ ਦੀ ਮਿਹਨਤ ਦਾ ਨਤੀਜਾ ਹੈ। ਜੋ ਕਿ ਬੱਚਿਆਂ ਨੂੰ ਬਹੁਤ ਵਧੀਆ ਢੰਗ ਨਾਲ ਸਿੱਖਿਆ ਦੇ ਰਹੇ ਹਨ ਇਸ ਮੌਕੇ ਮੈਡਮ ਸਿਮਰਨ ਕਿਸਾਨਾ, ਪਿੰਕੀ ਦੇਵੀ, ਰਾਜਵਿੰਦਰ ਕੌਰ, ਬਲਵਿੰਦਰ ਕੌਰ, ਕੁਲਵਿੰਦਰ ਕੌਰ, ਰੁਪਿੰਦਰ ਕੌਰ, ਜਸਵੀਰ ਕੌਰ,ਮੀਨਾ ? ਦੇਵੀ, ਜਸਪ੍ਰੀਤ ਕੌਰ, ਸੰਜੀਵ ਕੁਮਾਰ ਆਦਿ ਹਾਜ਼ਰ ਸਨ।








## ਸਰਕਾਰੀ ਹਾਈ ਸਕੂਲ ਦਸਗਰਾਂਈਂ ਵਿਖੇ ਵਿਦਿਆਰਥੀਆਂ ਦਾ ਸਨਮਾਨ

ਸ੍ਰੀ ਅਨੰਦਪੁਰ ਸਾਹਿਬ 2 ਮਈ (ਦਵਿੰਦਰਪਾਲ ਸਿੰਘ): ਸਰਕਾਰੀ ਹਾਈ ਸਕੂਲ ਦਸਗਰਾਂਈ ਵਿਖੇ ਮੈਰਿਟ ਸੂਚੀ ਵਿੱਚ ਆਉਣ ਵਾਲੇ ਅਤੇ 80% ਤੋਂ ਉੱਪਰ ਅੰਕ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸ. ਸੁੱਚਾ ਸਿੰਘ ਖਟੜਾ ਜੀ ਵੱਲੋਂ ਆਪਣੇ ਮਾਤਾ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆ ਹੋਣਹਾਰ ਵਿਦਿਆਰਥੀਆਂ ਲਈ ਚਲਾਈ ਸਕੀਮ ਰਤਨ ਐਵਾਰਡ ਤਹਿਤ ਸਮਾਨਿਤ ਕੀਤਾ ਗਿਆ। ਇਸ ਅਵਾਰਡ ਤਹਿਤ ਬੱਚਿਆਂ ਨੂੰ ਮੋਮੈਂਟੋ ਅਤੇ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਸ. ਸੁੱਚਾ ਸਿੰਘ ਜੀ ਨੇ ਬੱਚਿਆਂ ਨੂੰ ਅੱਗੇ ਤੋਂ ਆਪਣੇ ਵੱਡਮੁੱਲੇ ਵਿਚਾਰ ਦੇ ਕੇ ਹੋਰ ਵਿਦਿਆਰਥੀਆਂ ਨੂੰ ਵੀ ਮੈਰਿਟ ਵਿੱਚ ਆਉਣ ਲਈ ਪ੍ਰੇਰਿਤ ਕੀਤਾ। ਸਕੂਲ ਇੰਚਾਰਜ ਸ੍ਰੀਮਤੀ ਪਰਮਜੀਤ ਕੌਰ ਜੀ ਵੱਲੋਂ ਸਕੂਲ ਦੀਆਂ ਵੱਖ ਵੱਖ ਪ੍ਰਾਪਤੀਆਂ ਬਾਰੇ ਮਾਪਿਆਂ ਨੂੰ ਜਾਣੂੰ ਕਰਵਾਇਆ ਗਿਆ। ਇਸ ਮੌਕੇ ਸ਼੍ਰੀ ਮਹੇਸ਼ ਕੁਮਾਰ, ਗੁਰਪ੍ਰੀਤ ਕੌਰ, ਸ਼ਾਲੂ ਸੋਨੀ, ਅਜੇ ਬੈਂਸ, ਜੋਤੀ ਕੁਮਾਰੀ ,ਪੂਨਮ ਰਾਣੀ, ਹਰਲੀਨ ਕੌਰ ,ਰਿੰਪੀ ਸ਼ਰਮਾ ,ਜਸਵੀਰ ਕੌਰ, ਅਮਰਜੀਤ ਕੌਰ, ਸੁਨੈਨਾ ਦੇਵੀ ,ਵਿਜੇ ਕੁਮਾਰ ,ਅਸ਼ੋਕ ਕੁਮਾਰ,ਨਿਰੂਪਮ ਕਾਲੀਆ ਤੇ ਚੰਦਰ ਸ਼ੇਖਰ ਆਦਿ ਹਾਜ਼ਰ ਸਨ।

# ਸਰਕਾਰੀ ਮਿਡਲ ਸਮਾਰਟ ਸਕੂਲ ਰਾਏਪੁਰ ਸਾਨੀ ਦੇ ਅੱਠਵੀਂ ਦੇ ਬੋਰਡ ਦੇ ਨਤੀਜੇ ਰਹੇ ਸ਼ਾਨਦਾਰ



ਸ੍ਰੀ ਅਨੰਦਪੁਰ ਸਾਹਿਬ, 2 ਮਈ (ਦਵਿੰਦਰਪਾਲ ਸਿੰਘ): ਸਰਕਾਰੀ ਮਿਡਲ ਸਮਾਰਟ ਸਕੂਲ ਰਾਏਪੁਰ ਸਾਨੀ ਬਲਾਕ ਸ਼੍ਰੀ ਕੀਰਤਪੁਰ ਸਾਹਿਬ ਜ਼ਿਲ੍ਹਾ ਰੂਪਨਗਰ ਦੇ ਅੱਠਵੀਂ ਜਮਾਤ ਦੇ ਨਤੀਜੇ ਬਹੁਤ ਹੀ ਸ਼ਾਨਦਾਰ ਰਹੇ। ਇਸ ਸਬੰਧੀ ਮਿਡਲ ਸਕੂਲ ਇੰਚਾਰਜ ਸ੍ਰ ਸੁਖਜੀਤ ਸਿੰਘ ਕੈਂਥ ਨੇ ਦੱਸਿਆ ਕਿ ਅੱਠਵੀਂ ਜਮਾਤ ਵਿੱਚੋਂ ਤਰਨਦੀਪ ਕੌਰ ਪੁੱਤਰੀ ਰਾਜਪਾਲ ਨੇ 600ਵਿੱਚੋ 551,ਸਮਰਪ੍ਰੀਤ ਸਿੰਘ ਪੁੱਤਰ ਸ਼ਮਸ਼ੇਰ ਸਿੰਘ 550,ਸਤਨਾਮ ਪੁੱਤਰ ਚੇਤ ਰਾਮ 549ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ,ਦੂਸਰਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ।ਇਸ ਤੋਂ ਇਲਾਵਾ ਤਰਨਜੀਤ ਕੌਰ ਪੁੱਤਰੀ ਅਜੀਤ ਸਿੰਘ ਨੇ 545, ਰਮਨਦੀਪ ਪੁੱਤਰ ਬਲਵੀਰ ਸਿੰਘ ਨੇ 538,ਰਾਜਵੀਰ ਸਿੰਘ ਪੁੱਤਰ ਤਰਸੇਮ ਸਿੰਘ ਨੇ 536, ਸੋਨੀਆ ਪੁੱਤਰੀ ਰਾਜਪਾਲ ਨੇ 529, ਗੁਰਨੀਤ ਸਿੰਘ ਪੁੱਤਰ ਅਮਰਜੀਤ ਸਿੰਘ ਨੇ 527,ਸ਼ੀਆ ਪੁੱਤਰੀ ਦਿਲਬਾਗ 489, ਇਮਰਾਨ ਖਾਨ ਪੁੱਤਰ ਹੁਕਮ ਮੁਹੰਮਦ ਨੇ 482 ਅੰਕ ਹਾਸਿਲ ਕਰਕੇ ਸਕੂਲ ਦਾ ਮਾਣ ਵਧਾਇਆ। ਅੱਠਵੀਂ ਜਮਾਤ ਦੇ 4 ਵਿਦਿਆਰਥੀਆਂ ਨੇ 90% ਤੋਂ ਵੱਧ ਅਤੇ ਬਾਕੀ ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕਰਕੇ ਇਹ ਸਿੱਧ ਕੀਤਾ ਹੈ ਕਿ ਮਿਹਨਤ ਅਤੇ ਲਗਨ ਨਾਲ ਕੁਝ ਵੀ ਅਸੰਭਵ ਨਹੀਂ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਸਾਇੰਸ ਮਾਸਟਰ ਸੁਖਜੀਤ ਸਿੰਘ ਕੈਂਥ ਨੇ ਦੱਸਿਆ ਕਿ ਇਸੇ ਤਰਾਂ ਰਾਜਵੀਰ ਸਿੰਘ ਪੁੱਤਰ ਤਰਸੇਮ ਸਿੰਘ ਨੇ ਸਾਇੰਸ ਵਿਸੇ ਵਿੱਚ 100/100 ਅੰਕ ਹਾਸਿਲ ਕੀਤੇ ਅਤੇ ਕਿਹਾ ਅਸੀਂ ਹਮੇਸ਼ਾ ਹੀ ਬੱਚਿਆਂ ਨੂੰ ਮਿਹਨਤ ਲਗਨ ਇਮਾਨਦਾਰੀ ਦਾ ਪਾਠ ਪੜਾਉਂਦੇ ਹੋਏ ਉਹਨਾਂ ਨੂੰ ਜ਼ਿੰਦਗੀ ਦੇ ਸਬਕ ਸਿਖਾਉਂਦੇ ਹਾਂ। ਜਿਸ ਦੇ ਵਿੱਚ ਉਹ ਕਾਫੀ ਹੱਦ ਤੱਕ ਅਸੀਂ ਸਫਲ ਹੋ ਰਹੇ ਹਾਂ । ਅਸੀਂ ਇਸ ਸ਼ਾਨਦਾਰ ਪ੍ਰਾਪਤੀ ਲਈ ਬੱਚਿਆਂ ਦੇ ਮਾਤਾ ਪਿਤਾ ਅਤੇ ਬੱਚਿਆਂ ਨੂੰ ਵਧਾਈ ਦਿੰਦੇ ਹਾਂ। ਇਸ ਮੌਕੇ ਸਮੂਹ ਸਕੂਲ ਸਟਾਫ ਸਟੇਟ ਅਵਾਰਡੀ ਮੈਡਮ ਸਤਨਾਮ ਕੌਰ, ਮੈਡਮ ਨੀਲਮ ਕੁਮਾਰੀ, ਐਸ ਐਸ ਟੀ ਮਾਸਟਰ ਰਮਨਦੀਪ, ਮਾਸਟਰ ਸੰਦੀਪ ਸਿੰਘ, ਮੈਡਮ ਨਵਨੀਤ ਕੌਰ, ਮੈਡਮ ਰਮਨਦੀਪ ਕੌਰ, ਐਸ ਐਮ ਸੀ ਚੇਅਰਮੈਨ ਮਿਡਲ ਸਕੂਲ ਸ਼੍ਰੀਮਤੀ ਰਾਣੀ ਅਤੇ ਐਸ ਐਮ ਸੀ ਚੇਅਰਮੈਨ ਪ੍ਰਾਇਮਰੀ,ਮਨੀਸ਼ਾ ਚੌਹਾਨ , ਜਸਪ੍ਰੀਤ ਕੌਰ ਨੇ ਉਚੇਚੇ ਤੌਰ ਤੇ ਬੱਚਿਆਂ ਸਕੂਲ ਸਟਾਫ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

# ਸਰਕਾਰੀ ਕੰਨਿਆ ਸਕੂਲ ਕੋਟ ਈਸੇ ਖਾਂ 8ਵੀ ਅਤੇ 12ਵੀ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

## ਲੜਕੀਆਂ ਹਰ ਖੇਤਰ ਵਿੱਚ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰਦੀਆਂ ਹਨ-ਪ੍ਰਿੰਸੀਪਲ



ਕੋਟ ਈਸੇ ਖਾਂ (ਅਰੋੜਾ) ਸਿੱਖਿਆ ਵਿਭਾਗ ਵੱਲੋਂ ਪਿਛਲੇ ਦਿਨੀ ਬੋਰਡ ਦੇ ਅੱਠਵੀਂ ਅਤੇ ਬਾਰਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ ਹਨ ,ਜਿਸ ਵਿਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਦਾ ਨਤੀਜਾ ਸ਼ਾਨਦਾਰ ਰਿਹਾ । ਸਕੂਲ ਦੇ ਇੰਚਾਰਜ ਪ੍ਰਿੰਸੀਪਲ ਮੈਡਮ ਕਿਰਨਪਾਲ ਕੌਰ ਨੇ ਨਤੀਜੇ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਠਵੀਂ ਜਮਾਤ ਦੀ ਜੈਸਮੀਨ ਕੌਰ ਨੇ 94% ਅੰਕ ਹਾਸਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਲੀਜ਼ਾ ਨੇ 93%ਅੰਕ ,ਮਨਪ੍ਰੀਤ ਨੇ 92% ਅੰਕ ਹਾਸਿਲ ਕਰਕੇ ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰਾਂ ਬਾਰਵੀਂ ਜਮਾਤ ਦੇ ਸੈਕਸ਼ਨ ਏ ਵਿੱਚੋਂ ਖੁਸ਼ਦੀਪ ਕੌਰ ਨੇ ਪਹਿਲਾ ਸਥਾਨ,ਰੁਪਿੰਦਰ ਕੌਰ ਦੂਜਾ ਅਤੇ ਮੁਸਕਾਨ ਨੇ ਤੀਜਾ ਸਥਾਨ ਹਾਸਿਲ ਕੀਤਾ ।ਸੈਕਸ਼ਨ ਬੀ ਵਿੱਚੋਂ ਨੀਲਮ ਕੌਰ,ਜਸਪ੍ਰੀਤ ਕੌਰ ਅਤੇ ਕੋਮਲਪ੍ਰੀਤ ਕੌਰ ਦੇ ਕ੍ਰਮਵਾਰ ਪਹਿਲਾ ,ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ,ਸੈਕਸ਼ਨ ਸੀ ਵਿੱਚੋਂ ਸੁਭਦੀਪ ਕੌਰ ,ਖੁਸਦੀਪ ਅਤੇ ਪਵਨਪ੍ਰੀਤ ਕੌਰ ਨੇ ਪਹਿਲਾ ,ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ।ਜਾਣਕਾਰੀ ਦਿੰਦਿਆ ਦੱਸਿਆ ਕਿ ਸੈਕਸ਼ਨ ਡੀ ਵਿੱਚੋਂ ਜੋਤੀ , ਦਮਨੀਤ ਅਤੇ ਪੂਜਾ ਨੇ ਪਹਿਲਾਂ ,ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ ।ਸੈਕਸ਼ਨ ਈ ਵਿੱਚੋਂ ਸੁਨੇਹਾ ,ਕਿਰਨਦੀਪ ਅਤੇ ਜੀਤ ਕੌਰ ਨੇ ਪਹਿਲਾ ,ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ ।ਇਸ ਮੌਕੇ ਸਮੂਹ ਸਟਾਫ ਅਤੇ ਸਕੂਲ ਪ੍ਰਿੰਸੀਪਲ ਮੈਡਮ ਨੇ ਬੱਚਿਆ ਅਤੇ ਉਹਨਾਂ ਦੇ ਮਾਪਿਆ ਨੂੰ ਵਧਾਈ ਦਿੱਤੀ ਜਿੰਨਾ ਦੀ ਮਿਹਨਤ ਨਾਲ ਸਕੂਲ ਦਾ ਨਤੀਜਾ ਸ਼ਾਨਦਾਰ ਆਇਆ ।

# ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਪ੍ਰਫੁੱਲਤ ਕਰਨਾ ਸਮੇਂ ਦੀ ਮੁੱਖ ਲੋੜ:- ਫ਼ੈਸਲ ਖਾਨ

## ਨੌਜਵਾਨਾਂ ਨੂੰ ਪੁਸਤਕਾਂ ਨਾਲ ਜੋੜਨ ਤੇ ਪੰਜਾਬੀ ਮਾਂ ਬੋਲੀ ਦਾ ਪ੍ਰਚਾਰ ਕਰਨ ਲਈ ਕੰਮ ਕਰਦੇ ਰਹਾਂਗੇ

ਸ੍ਰੀ ਅਨੰਦਪੁਰ ਸਾਹਿਬ, 2 ਮਈ(ਦਵਿੰਦਰਪਾਲ ਸਿੰਘ): ਪੰਜਾਬੀ ਮਾਂ ਬੋਲੀ ਗੁਰੂਆਂ ਪੀਰਾਂ ਦੀ ਬੋਲੀ ਹੈ।ਇਸ ਦਾ ਸਨਮਾਨ ਕਰਨਾ ਤੇ ਬਚਾਉਣਾ ਸਾਡਾ ਸਭ ਦਾ ਮੁਢਲਾ ਫ਼ਰਜ਼ ਹੈ। ਦੁਨੀਆਂ ਭਰ ਵਿੱਚ ਵੱਡੀ ਗਿਣਤੀ ਵਿਚ ਲੋਕ ਪੰਜਾਬੀ ਬੋਲਦੇ ਹਨ।ਇਸ ਸਬੰਧੀ ਗੱਲਬਾਤ ਕਰਦਿਆਂ ਉੱਘੇ ਸ਼ਾਇਰ, ਲੇਖਕ ਤੇ ਸਮੀਖਿਅਕ ਨਵਾਬ ਫੈਸਲ ਖ਼ਾਨ ਨੇ ਕਿਹਾ ਕਿ ਸਾਨੂੰ ਸਭ ਨੂੰ ਪੰਜਾਬੀ ਮਾਂ ਬੋਲੀ ਦਾ ਸਤਿਕਾਰ ਕਰਨਾ ਚਾਹੀਦਾ ਹੈ। ਪੰਜਾਬੀ ਨੂੰ ਪ੍ਰਫੁੱਲਿਤ ਕਰਨ ਦਾ ਸਭ ਤੋਂ ਸੋਖਾ ਤਰੀਕਾ ਹੈ ਕਿ ਖੁਦ ਪੰਜਾਬੀ ਬੋਲੋ ਤੇ ਬੱਚਿਆਂ ਨੂੰ ਪੰਜਾਬੀ ਬੋਲਣ ਲਈ ਪ੍ਰੇਰਿਤ ਕਰੋ ।ਨਵਾਬ ਨੇ ਅੱਗੇ ਉੱਘੇ ਕਵੀ ਸੁਰਜੀਤ ਪਾਤਰ ਸਾਹਿਬ ਦੀਆਂ ਲਿਖੀਆਂ ਇਹਨਾਂ ਸਤਰਾਂ ਮੈਂ ਸੁਣਿਆ ਹੈ ਇਸ ਧਰਤੀ ਤੇ ਇਕ ਅਜਿਹਾ ਦੇਸ਼ ਹੈ ਜਿਥੇ ਬੱਚਿਆਂ ਨੂੰ ਆਪਣੀ ਮਾਂ ਬੋਲੀ ਬੋਲਣ ਤੇ ਜੁਰਮਾਨਾ ਹੁੰਦਾ ਹੈ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡੀ ਪੰਜਾਬੀ ਮਾਂ ਬੋਲੀ ਜਿਸਦਾ ਬੜਾ ਮਾਣ ਮੱਤਾ ਇਤਿਹਾਸ ਹੈ ਪਰ ਪੰਜਾਬ ਵਿਚ ਕਈ ਅਜਿਹੀਆਂ ਸੰਸਥਾਵਾਂ ਵੀ ਹਨ ਜਿਨ੍ਹਾਂ ਨੇ ਪੰਜਾਬੀ ਭਾਸ਼ਾ ਨੂੰ ਬਿਲਕੁਲ ਲਾਂਭੇ ਕਰ ਦਿੱਤਾ ਹੈ। ਨਵਾਬ ਨੇ ਅੱਗੇ ਕਿਹਾ ਕਿ ਪੰਜਾਬੀ ਮਾਂ ਬੋਲੀ ਸਾਡਾ ਮਾਣ ਹੈ ਤੇ ਸਾਨੂੰ ਸਭ ਨੂੰ ਮਾਂ–ਬੋਲੀ ਪੰਜਾਬੀ ਨੂੰ ਪਿਆਰ ਕਰਨਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਰੇ ਅਧਿਆਪਕਾਂ ਮਾਤਾ ਪਿਤਾ ਦਾ ਇਹ ਫਰਜ਼ ਹੈ ਕਿ ਉਹ ਬੱਚਿਆਂ ਨੂੰ ਪੰਜਾਬੀ ਦੀ ਮਹੱਤਤਾ ਅਤੇ ਇਤਿਹਾਸ ਨਾਲ ਜਾਗਰੂਕ ਕਰਵਾਉਣ ਅਤੇ ਉਨ੍ਹਾਂ ਨੂੰ ਪੰਜਾਬੀ ਬੋਲਣ ਲਈ ਪ੍ਰੇਰਿਤ ਕਰਨ।ਇਸ ਬਾਰੇ ਉੱਘੇ ਕਲਮਕਾਰ ਕਵੀ ਸ਼ਹਿਬਾਜ਼ ਖਾਨ ਨੇ ਕਿਹਾ ਕਿ ਭਾਵੇਂ ਵੱਧ ਤੋਂ ਵੱਧ ਭਾਸ਼ਾਵਾਂ ਸਿੱਖੋ ਮਗਰ ਪੰਜਾਬੀ ਬੋਲੀ ਨੂੰ ਸਿਖ਼ਰ ਤੇ ਰੱਖੋ। ਸ਼ਹਿਬਾਜ਼ ਨੇ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਪੁਸਤਕਾਂ ਨਾਲ ਜੋੜਨ ਵਿਚ ਪੁਸਤਕ ਮੇਲੇ ਬਹੁਤ ਜ਼ਰੂਰੀ ਹਨ। ਇਸ ਲਈ ਹਰ ਜ਼ਿਲ੍ਹੇ ਵਿੱਚ ਵੱਡੇ ਪੁਸਤਕ ਮੇਲਿਆਂ ਦਾ ਆਯੋਜਨ ਕਰਨਾ ਚਾਹੀਦਾ ਹੈ।

ਸ਼ਹਿਬਾਜ਼ ਨੇ ਅੱਗੇ ਕਿਹਾ ਕਿ ਪੁਸਤਕਾਂ ਸਾਡੇ ਲਈ ਰਾਹ ਦਸੇਰਾ ਹਨ। ਪੁਸਤਕਾਂ ਸਾਡੀਆਂ ਸਭ ਤੋਂ ਚੰਗੀ ਦੋਸਤ ਹਨ। ਪੁਸਤਕਾਂ ਦੀ ਸੰਗਤ ਵਿੱਚ ਮਨੁੱਖ ਜ਼ਿੰਦਗੀ ਕੱਟਦਾ ਨਹੀਂ ਸਗੋਂ ਮਾਣਦਾ ਹੈ।ਜ਼ਿਕਰਯੋਗ ਹੈ ਕਿ ਨਵਾਬ ਫੈਸਲ ਖਾਨ ਤੇ ਸ਼ਹਿਬਾਜ਼ ਖਾਨ ਪਿੱਛਲੇ ਲੰਮੇ ਸਮੇਂ ਤੋਂ ਪੰਜਾਬੀ ਭਾਸ਼ਾ ਤੇ ਪੰਜਾਬੀ ਸਾਹਿਤ ਤੇ ਪ੍ਰਚਾਰ ਪ੍ਰਸਾਰ ਵਿੱਚ ਜੁਟੇ ਹੋਏ ਹਨ।



# ਪਿਛਲੇ 20 ਮਹੀਨਿਆ ਤੇ ਸ਼ਾਤਮਈ ਬੈਠੇ ਵੈਟਨਰੀ ਏ.ਆਈ ਵਰਕਰ 6 ਮਈ ਨੂੰ ਕਰਨਗੀ ਮੁੱਖ ਮੰਤਰੀ ਦੀ ਕੋਠੀ ਦਾ ਘਰਾਓ

ਕੋਟ ਈਸੇ ਖਾਂ (ਅਰੋੜਾ) ਵੈਟਨਰੀ ਏ.ਆਈ ਵਰਕਰ ਯੂਨੀਅਨ ਦੀ ਮੀਟਿਗ ਸੂਬਾ ਪ੍ਰਧਾਨ ਸਰਬਜੀਤ ਸਿੰਘ ਅਜਨਾਲਾ ਅਤੇ ਸੂਬਾ ਪ੍ਰੈਸ ਸਕੱਤਰ ਹਰਜੀਤ ਸਿੰਘ ਰੋਪੜ ਦੀ ਅਗਵਾਈ ਵਿੱਚ ਕੀਤੀ ਗਈ ਅਤੇ ਮੀਟਿੰਗ ਵਿੱਚ ਫੈਸਲਾ ਲਿਆ ਕਿ 6 ਮਈ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੰਗਰੂਰ ਵਾਲੀ ਕੋਠੀ ਦਾ ਘਰਾਓ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਿਛਲੇ 20 ਮਹੀਨਿਆ ਤੇ ਮੋਹਾਲੀ ਦੇ ਸੈਕਟਰ 68 ਪਸ਼ੂ ਧੰਨ ਕੰਪਲੈਕਸ ਦਾ ਮੁੱਖ ਗੇਟ ਘੇਰ ਬੈਠੇ ਸ਼ਾਤਮਈ ਢੰਗ ਨਾਲ ਧਰਨਾ ਚਲਾ ਰਹੇ ਹਾਂ।ਇਸ ਸਮੇਂ ਦੌਰਾਨ ਸਰਕਾਰ ਦੀ ਬਣਾਈ ਹੋਈ ਸਬਕਮੇਟੀ ਜਿਸ ਦੇ ਮੈਂਬਰ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਅਤੇ ਕੁਲਦੀਪ ਸਿੰਘ ਧਾਲੀਵਾਲ ਨਾਲ ਯੂਨੀਅਨ ਦੇ ਆਗੂਆ ਦੀਆਂ ਤਿੰਨ ਮੀਟਿੰਗਾ ਹੋ ਚੁਕੀਆ ਹਨ ਪਰੰਤੂ ਉਹਨਾ ਮੀਟਿੰਗਾ ਵਿੱਚ ਲਿਆ ਗਿਆ ਫੈਸਲਾ ਅਜੇ ਤੱਕ ਲਾਗੂ ਨਹੀ ਕਰਵਾਇਆ ਗਿਆ।ਪ੍ਰੈਸ ਨੋਟ ਜਾਰੀ ਕਰਦਿਆ ਦੱਸਿਆ ਕਿ ਗੁਰਮੀਤ ਸਿੰਘ ਖੁੱਡੀਆ ਮੰਤਰੀ ਪਸੂ ਪਾਲਣ ਵਿਭਾਗ ਨਾਲ ਅਨੇਕਾ ਮੀਟਿੰਗ ਕਰਨ ਉਪਰੰਤ ਕੀਤਾ ਗਿਆ ਫੈਸਲਾ ਲਾਗੂ ਨਹੀਂ ਹੋਇਆ।ਸਰਕਾਰ ਨੂੰ ਜੇਕਰ ਸ਼ਾਤਮਈ ਬੈਠੇ ਪੰਜਾਬ ਦੇ ਵਰਕਰਾ ਦੀ ਕੋਈ ਗੱਲ ਨਹੀ ਸੁਈ ਤਾਂ ਹੁਣ 13000 ਪਿੰਡਾ ਨਾਲ ਸੰਬੰਧ ਰੱਖਣ ਵਾਲੇ ਸਾਡੇ ਵਰਕਰ ਆਮ ਆਦਮੀ ਪਾਰਟੀ ਨੂੰ ਮੂੰਹ ਤੋੜ ਜਵਾਬ ਦੇਣ ਲਈ ਤਿਆਰ ਹਨ ਕਿਉਂਕਿ ਜੇ ਸਰਕਾਰ ਕਹਿੰਦੀ ਸੀ ਕਿ ਸਾਡੇ ਰਾਜ ਵਿੱਚ ਕੋਈ ਵੀ ਧਰਨਾ ਨਹੀ ਲੱਗੇਗਾ ਪਰ ਸਾਡੀ 20 ਮਹੀਨਿਆ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਨ੍ਹਾ ਨੇ ਸਾਡੇ ਨਾਲ ਜਦੇ ਇਹ ਪਿਹਲੀ ਵਾਰ ਐਮ8ਪੀ ਦੀ ਟਿਕਟ ਲੈ ਕੇ ਦਿੱਲੀ ਤੋਂ ਆਏ ਸਨ, ਉਸ ਸਮੇ ਸਾਡਾ ਧਰਨਾ ਲਾਂਡਰਾ ਟੈਂਕੀ ਉੱਤੇ ਲੱਗਿਆ ਹੋਇਆ ਸੀ, ਉਸ ਟਾਇਮ ਇਹਨਾਂ ਨੇ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਮੇਰੀ ਸਰਕਾਰ ਆਉਣ ਤੇ ਮੈਂ ਤੁਹਾਡਾ ਹੱਲ ਪਹਿਲ ਦੇ ਅਧਾਰ ਤੇ ਕਰਾਂਗਾ। ਪਰੰਤੂ ਮੁੱਖ ਮੰਤਰੀ ਜੀ ਸ਼ਾਇਦ ਸਭਾ ਵਿੱਚ ਆ ਕੇ ਸਾਡੇ ਵਰਗੇ ਘਰ ਘਰ ਜਾਣ ਵਾਲੇ ਵਰਕਰਾ ਨੂੰ ਅਣਦੇਖਿਆ ਕਰਦੇ ਹਨ।ਅਖੀਰ ਸਾਡੀ ਯੂਨੀਅਨ ਨੇ ਫੈਸਲਾ ਕੀਤਾ ਹੈ ਕਿ 6 ਮਈ ਨੂੰ ਮੁੱਖ ਮੰਤਰੀ ਦੀ ਕੋਠੀ ਦਾ ਘਰਾਓ ਕੀਤਾ ਜਾਵੇਗਾ ਅਤੇ ਕਿਸਾਨ ਮਜਦੂਰ ਏਕਤਾ ਸਾਡੇ ਨਾਲ ਸ਼ਾਮਲ ਹੋਣਗੇ।ਇਸ ਮੌਕੇ ਪ੍ਰਧਾਨ ਆਸ਼ਾ ਰਾਮ ਸੰਗਰੂਰ, ਕਾਲਾ ਫਾਜਲਾ, ਰਸ਼ਪਾਲ ਸਿੰਘ ਰਾਜਿਲਕਾ, ਮਨਿੰਦਰ ਸਿੰਘ ਬਠਿੰਡਾ, ਗੁਰਮੀਤ ਸਿੰਘ ਬਠਿੰਡਾ, ਜਗਵਿੰਦਰ ਸਿੰਘ ਮੋਹਾਲੀ, ਜਸਮੀਤ ਸਿੰਘ ਮੋਹਾਲੀ, ਪਰਮਜੀਤ ਸਿੰਘ ਮੋਗਾ, ਨਰਿੰਦਰ ਸਿੰਘ ਮੋਗਾ, ਯਾਦਵਿੰਦਰ ਸਿੰਘ ਮੁਕਤਸਰ, ਗੁਰਜੰਟ ਸਿੰਘ ਲੁਧਿਆਣਾ, ਸੰਦੀਪ ਸਿੰਘ ਅੰਮ੍ਰਿਤਸਰ, ਆਦਿ ਹਾਜਰ ਸਨ।

# ਡਾ. ਜਸਵੀਰ ਸਿੰਘ ਮੁੜ ਬਣੇ ਪ੍ਰਿੰਸੀਪਲ ਐਸੋਸੀਏਸ਼ਨ ਦੇ ਜਰਨਲ ਸਕੱਤਰ, ਡਾ. ਧਰਮਿੰਦਰ ਸਿੰਘ ਉੱਭਾ ਚੁਣੇ ਗਏ ਪ੍ਰਧਾਨ





ਸ੍ਰੀ ਅਨੰਦਪੁਰ ਸਾਹਿਬ, 2 ਮਈ (ਦਵਿੰਦਰਪਾਲ ਸਿੰਘ): ਪੰਜਾਬੀ ਯੂਨਵਰਸਿਟੀ ਨਾਲ ਸੰਬੰਧਿਤ ਪ੍ਰਾਈਵੇਟ ਏਡਿਡ ਕਾਲਜਾਂ ਦੀ ਪ੍ਰਿੰਸੀਪਲ ਐਸੋਸੀਏਸ਼ਨ ਦੀ ਪਟਿਆਲਾ ਵਿਖੇ ਹੋਈ ਮੀਟਿੰਗ ਦੇ ਵਿੱਚ ਮੁੜ ਤੋਂ ਸਰਬ-ਸੰਮਤੀ ਨਾਲ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਐਸੋਸੀਏਸ਼ਨ ਦੇ ਜਨਰਲ ਸਕੱਤਰ ਚੁਣੇ ਗਏ ਹਨ ਅਤੇ ਇਸਦੇ ਨਾਲ ਹੀ ਖਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ ਪ੍ਰਧਾਨ ਚੁਣੇ ਗਏ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਡਾ. ਜਸਵੀਰ ਸਿੰਘ ਵੱਲੋਂ ਆਪਣੀਆਂ ਵਡਮੁੱਲੀਆਂ ਸੇਵਾਵਾਂ ਐਸੋਸੀਏਸ਼ਨ ਨੂੰ ਦਿੱਤੀਆਂ ਜਾ ਚੁੱਕੀਆਂ ਹਨ। ਅਧਿਆਪਕਾਂ ਅਤੇ ਉਚੇਰੀ ਸਿੱਖਿਆ ਨਾਲ ਜੁੜੇ ਮੁੱਦਿਆਂ ਨੂੰ ਪਰਪੱਖਤਾ ਨਾਲ ਚੁੱਕਣ ਵਾਲੇ ਡਾ. ਜਸਵੀਰ ਸਿੰਘ ਦੀ ਕਾਰਗੁਜ਼ਾਰੀ ਨੂੰ ਦੇਖਦਿਆਂ ਇੱਕ ਵਾਰ ਮੁੜ ਤੋਂ ਐਸੋਸੀਏਸ਼ਨ ਵੱਲੋਂ ਉਹਨਾਂ ਨੂੰ ਜਨਰਲ ਸਕੱਤਰ ਚੁਣ ਕੇ ਮਾਣ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਡਾ. ਕਸ਼ਮੀਰ ਸਿੰਘ ਪ੍ਰਿੰਸੀਪਲ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ, ਡਾ. ਜਗਜੀਤ ਕੌਰ ਪ੍ਰਿੰਸੀਪਲ ਐੱਸ.ਕੇ.ਆਰ.ਐਮ ਕਾਲਜ ਭਾਗੂਮਾਜਰਾ, ਡਾ. ਨੀਰੂ ਗਰਗ ਪ੍ਰਿੰਸੀਪਲ ਐੱਸ.ਐੱਸ.ਡੀ. ਫਾਰ ਵੂਮੇਨ ਕਾਲਜ ਬਠਿੰਡਾ, ਡਾ. ਰਮਾ ਸ਼ਰਮਾ ਪ੍ਰਿੰਸੀਪਲ ਐੱਸ.ਡੀ. ਕਾਲਜ ਬਰਨਾਲਾ, ਡਾ. ਸੁਖਦੀਪ ਸਿੱਧੂ ਪ੍ਰਿੰਸੀਪਲ ਅਕਾਲ ਡਿਗਰੀ ਕਾਲਜ ਫਾਰ ਗਰਲਜ਼ ਸੰਗਰੂਰ ਐਸੋਸੀਏਸ਼ਨ ਦੇ ਐਗਜੈਕਟਿਵ ਮੈਂਬਰ ਚੁਣੇ ਗਏ ਹਨ। ਇਸੇ ਤਰਾਂ ਡਾ. ਐਮ ਪੀ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਐਜੂਕੇਸ਼ਨ ਡਾਇਰੈਕਟਰ ਡਾ. ਜਤਿੰਦਰ ਸਿੰਘ ਸਿੱਧੂ ਜੋ ਕਿ ਐਸੋਸੀਏਸ਼ਨ ਦੇ ਲੰਬੇ ਸਮੇਂ ਤੋਂ ਸਲਾਹਕਾਰ ਹਨ। ਉਹਨਾਂ ਨੂੰ ਇਸ ਵਾਰ ਵੀ ਐਸੋਸੀਏਸ਼ਨ ਵੱਲੋਂ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ।

ਐਸੋਸੀਏਸ਼ਨ ਦੀ ਇਸ ਨਵੀਂ ਚੋਣ ‘ਤੇ ਸਾਰੇ ਮੈਂਬਰਾਂ ਵੱਲੋਂ ਪ੍ਰਧਾਨ ਅਤੇ ਉਹਨਾਂ ਦੀ ਟੀਮ ਨੂੰ ਮੁਬਾਰਕਾਂ ਦਿੱਤੀਆਂ ਗਈਆਂ ਤੇ ਅਪੀਲ ਕੀਤੀ ਗਈ ਕਿ ਉਚੇਰੀ ਸਿੱਖਿਆ ਨਾਲ ਸੰਬੰਧਿਤ ਮੁੱਦਿਆਂ ਨੂੰ ਪਹਿਲਾਂ ਨਾਲੋਂ ਵੀ ਵਧੀਆ ਤਰੀਕੇ ਨਾਲ ਵੱਖ-ਵੱਖ ਪਲੇਟਫਾਰਮਾਂ ‘ਤੇ ਚੁੱਕਿਆ ਜਾਵੇ ਤੇ ਅਧਿਆਪਕਾਂ ਨਾਲ ਜੁੜੇ ਮਸਲਿਆਂ ਨੂੰ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇ। ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਡਾ. ਜਸਵੀਰ ਸਿੰਘ ਅਤੇ ਡਾ. ਧਰਮਿੰਦਰ ਸਿੰਘ ਉਭਾ ਨੇ ਕਿਹਾ ਕਿ ਡੀ.ਪੀ.ਆਈ. ਕਾਲਜਾਂ ਨਾਲ ਸੰਬੰਧਿਤ ਗਰਾਂਟ ਸਬੰਧੀ, ਨਵੇਂ ਪੇ ਸਕੇਲਾਂ ਨੂੰ ਲਾਗੂ ਕਰਨ ਸਬੰਧੀ, ਨਵੇਂ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਪੋਰਟਲ ਨਾਲ ਜੁੜੇ ਹਰ ਮਸਲੇ ਦਾ ਹੱਲ ਕਰਵਾਉਣ ਲਈ ਐਸੋਸੀਏਸ਼ਨ ਵੱਲੋਂ ਕੰਮ ਕੀਤਾ ਜਾਵੇਗਾ।

# ਪੋਲਿੰਗ ਬੂਥਾਂ ਤੇ ਸਵੀਪ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਦਸਿਆ



ਖਰੜ,2 ਮਈ,ਲੋਕ ਬਾਣੀ,ਕਾਲਾ ਸਿੰਘ ਸੈਣੀ- -ਸਹਾਇਕ ਰਿਟਰਨਿੰਗ ਅਫਸਰ ਗੁਰਮੰਦਰ ਸਿੰਘ ਦੇ ਦਿਸ਼ਾ ਨਿਰਦੇਸਾਂ ਤਹਿਤ ਸਵੀਵ ਮੁਹਿੰਮ ਤਹਿਤ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਜਾਣਕਾਰੀ ਦੇਣ ਲਈ ਟੈਗੋਰ ਨਿਕੇਤਨ ਮਾਡਲ ਹਾਈ ਸਕੂਲ ਖਰੜ ਦੇ ਪੋਲਿੰਗ ਬੂਥ ਨੰ: 222,223,224 ਤੇ ਸਕੂਲ ਦੇ ਵਿਦਿਆਰਥੀਆਂ ਨੂੰ ਕੈਂਪ ਲਗਾਇਆ ਗਿਆ। ਚੋਣ ਕਮਿਸ਼ਨ ਵਲੋਂ ਬਣਾਏ ਗਏ ਪੋਲਿੰਗ ਬੂਥਾਂ ਤੇ ਖਰੜ ਹਲਕੇ ਦੀ ਸਵੀਪ ਟੀਮ ਵਲੋਂ ਅਧਿਆਪਕਾਂ, ਵਿਦਿਆਰਥੀਆਂ ਅਤੇ ਬੱਚਿਆਂ ਦੇ ਮਾਤਾ, ਪਿਤਾ ਤੇ ਨਵੇਂ ਬਣੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਪ ਖਰੜ ਸਵੀਪ ਟੀਮ ਦੇ ਇੰਚਾਰਜ਼ ਨਵਦੀਪ ਚੌਧਰੀ ਨੇ ਦਸਿਆ ਕਿ ਇਲਾਕੇ ਵਿਚ ਵੋਟਿੰਗ ਪ੍ਰਤੀਸ਼ਤ ਵਧਾਉਣ ਲਈ ਵਿਦਿਆਰਥੀਆਂ ਦੇ ਨਾਲ ਦੇ ਮਾਪਿਆਂ ਨੂੰ ਤੱਕ ਵੀ ਸੰਪਰਕ ਕੀਤਾ ਜਾ ਰਿਹਾ ਹੈ ਤਾਂ ਕਿ ਇੱਕ ਜੂਨ ਵੋਟਾਂ ਵਾਲੇ ਦਿਨ ਵਿਦਿਆਰਥੀ ਆਪਣੇ ਮਾਤਾ, ਪਿਤਾ ਅਤੇ ਹੋਰ ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰ ਸਕਣ। ਪੋਲਿੰਗ ਬੂਥ ਤੇ ਇੱਕ ਰੀਕ੍ਰੇਸ਼ਨਲ ਐਕਟੀਵਿਟੀ ਵੀ ਕਰਵਾਈ ਗਈ। ਸਕੂਲ ਦੇ ਪ੍ਰਿੰਸੀਪਲ ਜਤਿੰਦਰ ਗੁਪਤਾ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਵੀਪ ਟੀਮ ਮੈਂਬਰ ਕਿਸ਼ਨ ਕੁਮਾਰ, ਸੈਕਟਰ ਅਫਸਰ ਭੁਪਿੰਦਰ ਸਿੰਘ, ਬੀ.ਐਲ.ਓ. ਅਨਿਲ ਕੁਮਾਰ, ਅਮਰੀਕ ਸਿੰਘ, ਅਮਰਜੀਤ ਸਿੰਘ, ਦਿਲਜੀਤ ਕੌਰ ਆਦਿ ਸਮੇਤ ਸਕੂਲ ਦੇ ਸਟਾਫ ਮੈਬਰ ਤੇ ਵਿਦਿਆਰਥੀ ਹਾਜ਼ਰ ਸਨ।




publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਈਆਂ ਰਾਤਰੀ ਫੇਰੀਆਂ ਜੈਕਾਰਿਆਂ ਦੀ ਗੂੰਜ ਨਾਲ ਹੋਈਆਂ ਸੰਪੂਰਨ



ਸ੍ਰੀ ਅਨੰਦਪੁਰ ਸਾਹਿਬ, 2 ਮਈ (ਦਵਿੰਦਰਪਾਲ ਸਿੰਘ): ਸ੍ਰੀ ਅਨੰਦਪੁਰ ਸਾਹਿਬ ਦੀਆਂ ਸੰਗਤਾਂ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਧਾਰਮਿਕ ਜਥੇਬੰਦੀਆਂ ਅਤੇ ਵਪਾਰ ਮੰਡਲ ਦੇ ਸਹਿਯੋਗ ਨਾਲ ਹਿੰਦ ਦੀ ਚਾਦਰ ਪਾਤਸ਼ਾਹ ਨੌਵੀਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 15 ਅਪ੍ਰੈਲ ਨੂੰ ਆਰੰਭ ਹੋਈਆਂ ਰਾਤਰੀ ਫੇਰੀਆਂ ਬੀਤੀ ਰਾਤ ਸ਼ਬਦ ਕੀਰਤਨ ਚੌਂਕੀ ਦੀ ਅਰਦਾਸ ਉਪਰੰਤ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਦੀ ਗੂੰਜ ਨਾਲ ਸੰਪੂਰਨ ਹੋ ਗਈਆਂ। ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਰਾਤਰੀ ਫੇਰੀ ਦੇ ਪ੍ਰਬੰਧਕਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸ਼ਹਿਰ ਵਾਸੀਆਂ ਦਾ ਇਹ ਇਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ ਅਤੇ ਜਸਵਿੰਦਰਪਾਲ ਸਿੰਘ ਬਿੱਲਾ ਪ੍ਰਬੰਧਕ ਰਾਤਰੀ ਫੇਰੀ ਨੇ ਕਿਹਾ ਕਿ ਜਿੱਥੇ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀ ਸੰਗਤਾਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦੀ ਹਨ ਉਥੇ ਹੀ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਦਾ ਵਿਸ਼ੇਸ਼ ਧੰਨਵਾਦ ਕਰਦੇ ਹਾਂ। ਜਿਨਾਂ ਵੱਲੋਂ ਰਾਤਰੀ ਫੇਰੀਆਂ ਮੌਕੇ ਸਫਾਈ ਦੇ ਵਧਿਆ ਪ੍ਰਬੰਧ ਕੀਤੇ ਗਏ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧ ?ਾਨ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ, ਲੈਕ.ਗੁਰਚਰਨ ਸਿੰਘ ਅਰੋੜਾ, ਰਾਮ ਪਰਾਸ਼ਰ ਬਿੱਲਾ, ਤੇਜਿੰਦਰ ਸਿੰਘ ਚੰਨ, ਕੰਵਲਜੋਤ ਸਿੰਘ, ਜਸਪਾਲ ਸਿੰਘ ਪਾਲ ਅਰੋੜਾ, ਦਵਿੰਦਰ ਸਿੰਘ ਰਾਣਾ, ਕੈਪਟਨ ਗੁਰਦਿਆਲ ਸਿੰਘ, ਸੁਰਿੰਦਰ ਸਿੰਘ ਛਿੰਦਾ , ਜਸ਼ਨਪ੍ਰੀਤ ਸਿੰਘ, ਅਵਤਾਰ ਸਿੰਘ ਸੋਢੀ, ਪ੍ਰਿਤਪਾਲ ਸਿੰਘ ਗੰਡਾ, ਮਨਿੰਦਰ ਪਾਲ ਸਿੰਘ ਮਨੀ, ਆਕਾਸ਼ ਚੱਠਾ, ਕਮਲ ਦੀਪ ਬੇਦੀ, ਮਾਸਟਰ ਸਰਬਜੀਤ ਸਿੰਘ, ਰਿੰਕੂ ਅਰੋੜਾ ਮਾਤਾ ਗੁਰਚਰਨ ਕੌਰ ਪ੍ਰਧਾਨ ਇਸਤਰੀ ਸਤਿਸੰਗ ਸਭਾ, ਬੀਬੀ ਮਨਪ੍ਰੀਤ ਕੌਰ ਐਮਸੀ, ਕੌਂਸਲਰ ਬੀਬੀ ਬਲਵੀਰ ਕੌਰ, ਬੀਬੀ ਰਮਨਦੀਪ ਕੌਰ, ਬੀਬੀ ਰਜਿੰਦਰ ਕੌਰ, ਬੀਬੀ ਬਨਦੀਪ ਕੌਰ, ਬੀਬੀ ਵਜ਼ੀਰ ਕੌਰ, ਬੀਬੀ ਬਲਜੀਤ ਕੌਰ, ਬੀਬੀ ਅਵਤਾਰ ਕੌਰ, ਬੀਬੀ ਜੈਸਮੀਨ ਕੌਰ, ਬੀਬੀ ਹਰਸ਼ ਨੂਰ ਕੌਰ, ਬੀਬੀ ਸੰਦੀਪ ਕੌਰ, ਬੀਬੀ ਸੁਰਿੰਦਰ ਪਾਲ ਕੌਰ, ਬੀਬੀ ਮਨਜੀਤ ਕੌਰ, ਬੀਬੀ ਤਜਿੰਦਰ ਕੌਰ ਆਦਿ ਹਾਜ਼ਰ ਸਨ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਬਾਰਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਸ੍ਰੀ ਅਨੰਦਪੁਰ ਸਾਹਿਬ 02 ਮਈ (ਦਵਿੰਦਰਪਾਲ ਸਿੰਘ):** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਬਾਰਵੀਂ ਜਮਾਤ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਇਸ ਸਬੰਧੀ ਗੱਲ ਕਰਦਿਆਂ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਬਾਰਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ।

ਉਹਨਾਂ ਦੱਸਿਆ ਕਿ ਬਾਰਵੀਂ ਜਮਾਤ ਵਿੱਚੋਂ ਸੁਖਬੀਰ ਸਿੰਘ ਨੇ ਪਹਿਲਾ, ਮਨਿੰਦਰਪਾਲ ਸਿੰਘ ਨੇ ਦੂਸਰਾ ਅਤੇ ਜਸ਼ਨਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਮੁਮੈਂਟੋ ਦੇ ਕੇ ਸਨਮਾਨਿਤ ਵੀ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਡਾ. ਪ੍ਰਭਜੋਤ ਕੌਰ (ਰਿਟਾਇਰਡ ਪ੍ਰਿੰਸੀਪਲ), ਸ. ਇੰਦਰਜੀਤ ਸਿੰਘ (ਉੱਘੇ ਕਾਰੋਬਾਰੀ) ਅਤੇ ਸ. ਗੁਰਮਿੰਦਰ ਸਿੰਘ ਭੁੱਲਰ (ਡਾਇਰੈਕਟਰ ਐਜੂਕੇਸ਼ਨ) ਨੇ ਵੀ ਵਿਦਿਆਰਥੀਆਂ ਨੂੰ ਜਿੱਥੇ ਸ਼ਾਬਾਸ਼ ਦਿੱਤੀ ਉੱਥੇ ਅਧਿਆਪਕ ਸਾਹਿਬਾਨ ਅਤੇ ਮਾਤਾ ਪਿਤਾ ਸਾਹਿਬਾਨ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਮੁੱਚਾ ਸਕੂਲ ਸਟਾਫ ਹਾਜ਼ਰ ਸੀ।

# ਕਾਨਪੁਰ: ਕੈਂਸਰ ਵਰਗੇ ਘਾਤਕ ਖ਼ਤਰੇ ਤੋਂ ਬਚਣ ਲਈ ਵੀ ਦੰਦਾਂ ਦਾ ਸਮੇਂ ਸਿਰ ਇਲਾਜ ਜ਼ਰੂਰੀ: ਡਾ: ਗਿਆਨੇਂਦਰ ਸਚਾਨ

## ਦੰਦਾਂ ਦੀਆਂ ਬਿਮਾਰੀਆਂ ਕਾਰਨ ਕੈਂਸਰ ਦੇ ਮਰੀਜ਼ਾਂ ਦੀ ਵੱਧ ਰਹੀ ਗਿਣਤੀ ਬਹੁਤ ਚਿੰਤਾਜਨਕ ਹੈ, ਸਮੇਂ ਸਿਰ ਇਲਾਜ ਵੀ ਜ਼ਰੂਰੀ ਹੈ

ਕਾਨਪੁਰ (ਸੁਨੀਲ ਬਾਜਪਾਈ) ਜੋ ਲੋਕ ਇਸ ਦੁਨੀਆਂ ਵਿੱਚ ਜਿਊਂਦੇ ਰਹਿਣ ਲਈ ਕਿਸੇ ਵੀ ਤਰ੍ਹਾਂ ਦਾ ਭੋਜਨ ਚਬਾਉਂਦੇ ਹਨ ਅਤੇ ਚਿਹਰੇ ਦੀ ਸੁੰਦਰਤਾ ਨੂੰ ਵੀ ਨਿਖਾਰਦੇ ਹਨ, ਉਨ੍ਹਾਂ ਲਈ ਦੰਦਾਂ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਅਤੇ ਉਨ੍ਹਾਂ ਦੀਆਂ ਗੰਭੀਰ ਬਿਮਾਰੀਆਂ ਜਾਨਲੇਵਾ ਸਾਬਤ ਹੋ ਸਕਦੀਆਂ ਹਨ। ਇੱਥੇ ਦੰਦਾਂ ਦੀਆਂ ਲਗਾਤਾਰ ਵੱਧ ਰਹੀਆਂ ਬਿਮਾਰੀਆਂ ‘ਤੇ ਚਿੰਤਾ ਪ੍ਰਗਟ ਕਰਦਿਆਂ ਪ੍ਰਸਿੱਧ ਡਾਕਟਰ ਗਿਆਨੇਂਦਰ ਸਚਾਨ ਨੇ ਇਹ ਗੱਲ ਕਹੀ ?

ਉਨ੍ਹਾਂ ਕਿਹਾ ਕਿ ਦੰਦਾਂ ਦੀਆਂ ਬਿਮਾਰੀਆਂ ਪ੍ਰਤੀ ਲਾਪਰਵਾਹੀ ਹੋਰ ਵੀ ਕਈ ਖ਼ਤਰਨਾਕ ਬਿਮਾਰੀਆਂ ਨੂੰ ਜਨਮ ਦੇਣ ਵਿੱਚ ਅਸਫ਼ਲ ਨਹੀਂ ਹੁੰਦੀ, ਜਿਨ੍ਹਾਂ ਵਿੱਚ ਕੈਂਸਰ ਵਰਗੀਆਂ ਘਾਤਕ ਬਿਮਾਰੀਆਂ ਵੀ ਸ਼ਾਮਲ ਹਨ। ਇਸ ਲਈ ਸਮੇਂ ਸਿਰ ਕਿਸੇ ਯੋਗ ਡਾਕਟਰ ਤੋਂ ਇਲਾਜ ਕਰਵਾਉਣਾ ਚਾਹੀਦਾ ਹੈ।



ਉਨ੍ਹਾਂ ਅਜਿਹੇ ਮਰੀਜ਼ਾਂ ਦੀ ਵਧਦੀ ਗਿਣਤੀ ਅਤੇ ਅਜਿਹੇ ਮਰੀਜ਼ਾਂ ਦੀ ਵਧਦੀ ਗਿਣਤੀ ‘ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਦੰਦਾਂ ਦੀ ਬਿਮਾਰੀ ਪ੍ਰਤੀਕੂਲ ਹਾਲਾਤਾਂ ‘ਚ ਕੈਂਸਰ ਦਾ ਰੂਪ ਵੀ ਲੈ ਸਕਦੀ ਹੈ ਅਤੇ ਹੁਣ ਤੱਕ ਦੇਸ਼-ਵਿਦੇਸ਼ ‘ਚ ਸੈਂਕੜੇ ਲੋਕਾਂ ਨੂੰ ਦੰਦਾਂ ਦੀਆਂ ਲੋੜੀਂਦੀਆਂ ਸੇਵਾਵਾਂ ਪ੍ਰਦਾਨ ਕਰਨ ਤੋਂ ਇਲਾਵਾ ਡਾ. , ਦੰਦਾਂ ਦੀਆਂ ਬਿਮਾਰੀਆਂ ਤੋਂ ਰਾਹਤ ਦਿਵਾਉਣ ਵਾਲੇ ਮਾਇਆ ਮਾਰਕੀਟ ਬਰਾੜਾ ਵਿਖੇ ਸਥਿਤ ਸਮਾਈਲ ਡੈਂਟਲ ਕੇਅਰ ਕਲੀਨਿਕ, ਜਿਸ ਵਿਚ ਹਰ ਵਿਸ਼ਵ ਪੱਧਰੀ ਸੁਵਿਧਾ ਅਤੇ ਸੇਵਾਵਾਂ ਉਪਲਬਧ ਹਨ, ਨਾਲ ਸੈਂਕੜੇ ਲੋਕ ਆਪਣੀ ਸਿਹਤ ਤੋਂ ਵੀ ਵਾਂਝੇ ਰਹਿ ਗਏ ਹਨ। ਦੰਦਾਂ ਦੀ ਡਾਕਟਰੀ, ਅਕਸਰ ਦੰਦਾਂ ਦੀਆਂ ਵੱਖ-ਵੱਖ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨਾਲ ਘਿਰੀ ਰਹਿੰਦੀ ਹੈ, ਜੋ ਬਹੁਤ ਹੀ ਤਜਰਬੇਕਾਰ ਅਤੇ ਸਫਲ ਇਲਾਜ ਦੇ ਰੂਪ ਵਿੱਚ ਬਹੁਤ ਜ਼ਿਆਦਾ ਤਸੱਲੀਬਖਸ਼ ਦੰਦਾਂ ਦੀਆਂ ਸੇਵਾਵਾਂ ਲਈ ਜਾਣੇ ਜਾਂਦੇ ਹਨ, ਡਾ. ਸੁਹਜ ਦੰਦਾਂ ਦੇ ਡਾਕਟਰ (DCI CERTI) ਅਤੇ ਸਾਬਕਾ CENT RES-KMYF (ਬੰਗਲੌਰ) ਗਿਆਨੇਂਦਰ ਸਚਾਨ ਨੇ ਕਿਹਾ ਕਿ ਇਸ ਲਈ ਯੋਗ ਡਾਕਟਰ ਤੋਂ ਸਮੇਂ ਸਿਰ ਇਲਾਜ ਕਰਵਾਉਣ ਵਿੱਚ ਕੋਈ ਲਾਪਰਵਾਹੀ ਨਹੀਂ ਹੋਣੀ ਚਾਹੀਦੀ ਕਿਉਂਕਿ ਅਜਿਹੀ ਲਾਪਰਵਾਹੀ ਜੇਕਰ ਕੈਂਸਰ ਦਾ ਰੂਪ ਧਾਰਨ ਕਰ ਲੈਂਦੀ ਹੈ ਤਾਂ ਘਾਤਕ ਹੋ ਸਕਦੀ ਹੈ।

# ਇਸੁਜ਼ੂ ਮੋਟਰਜ਼ ਨੇ ਭਾਰਤ ਵਿੱਚ ਨਵੇਂ ਲਾਈਫਸਟਾਈਲ ਪਿਕਅੱਪ ਮਾਡਲ ਲਾਂਚ ਕੀਤੇ




ਚੰਡੀਗੜ੍ਹ /ਜਲੰਧਰ/ ਲੁਧਿਆਣਾ, ਗਤੀਸ਼ੀਲ ਭਾਰਤੀ ਗਾਹਕਾਂ ਦੀ ਜੀਵਨ ਸ਼ੈਲੀ ਦੀ ਭਾਵਨਾ ਨੂੰ ਵਧਾਉਣ ਲਈ, ਇਸੂਜ਼ੂ ਮੋਟਰਜ਼ ਨੇ ਲਾਈਫਸਟਾਈਲ ਪਿਕਅੱਪ ਲਾਂਚ ਕੀਤੇ ਹਨ ਜੋ ਇਸ ਖੇਤਰ ਵਿੱਚ ਇੱਕ ਰੁਝਾਨ ਸਥਾਪਤ ਕਰਨ ਪ੍ਰਤੀ ਇਸੂਜ਼ੂ ਦੀ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ। ਨਵੇਂ ਲਾਂਚ ਕੀਤੇ ਗਏ ਵਾਹਨਾਂ ਦੀ ਕੀਮਤ 21,19,900 ਰੁਪਏ (ਹਾਈਲੈਂਡਰ), 25,51,700 ਰੁਪਏ (ਵੀ ਕਰਾਸ ਜ਼ੈੱਡ) ਅਤੇ 26,91,700 ਰੁਪਏ (ਵੀ ਕਰਾਸ ਜ਼ੈਡ ਪ੍ਰੇਸਟੀਜ), ਐਕਸ-ਸ਼ੋਰੂਮ ਚੇਨਈ ਹੈ। ਨਵੀਨਤਮ ਵੀ ਕਰਾਸ ਪ੍ਰੇਸਟੀਜ ਵੇਰੀਐਂਟ ਬਾਹਰੀ ਹਿੱਸੇ 'ਤੇ ਬਹੁਤ ਸਾਰੇ ਸੁੰਦਰ ਪਰ ਸ਼ਾਨਦਾਰ ਤੱਤਾਂ ਦੇ ਨਾਲ ਸ਼ੈਲੀ ਨੂੰ ਉਜਾਗਰ ਕਰਦਾ ਹੈ। ਇਸਦੀ ਸਮੁੱਚੀ ਅਪੀਲ ਡਾਰਕ ਗਰੇ ਵਿੱਚ ਉਜਾਗਰ ਕਰਦੀ ਹੈ। ਵਾਹਨ ਦਾ ਅਸਲ ਡਿਜ਼ਾਈਨ ਸਾਈਬਰਗ-ਓਰਕਾ ਤੋਂ ਪ੍ਰੇਰਿਤ ਹੈ ਅਤੇ ਇਸ ਵਿੱਚ ਦਰਜਨਾਂ ਬੋਲਡ ਸਟਾਈਲਿੰਗ ਤੱਤ ਹਨ। ਟ੍ਰਾਂਸਜੇਕਸ਼ਨ ਸਫੇਟੀ ਸਿਸਟਮ , ਇਲੈਕਟ੍ਰਾਨਿਕ ਸਤਾਬਿਲਿਟੀ ਕੰਟਰੋਲ, ਹਿੱਲ ਡੀਸੈਂਟ ਕੰਟਰੋਲ , ਹਿੱਲ ਸਟਾਰਟ ਅਸਿਸਟ ਸਾਰੇ ਮੈਨੂਅਲ ਟ੍ਰਾਂਸਮਿਸ਼ਨ ਮਾਡਲਾਂ 'ਤੇ ਸਰਗਰਮ ਸੁਰੱਖਿਆ ਪ੍ਰਣਾਲੀਆਂ ਵਜੋਂ ਪੇਸ਼ ਕੀਤੇ ਜਾਂਦੇ ਹਨ। ਪੈਸਿਵ ਸੇਫਟੀ ਸਿਸਟਮ ਨੂੰ ਵਧਾਉਣ ਲਈ, ਸਾਰੇ ਯਾਤਰੀ ਪਿਕਅਪ ਮਾਡਲਾਂ ਨੂੰ ਪਿਛਲੀ ਸੀਟ ਓਕੂਪੈਂਟ ਡਿਟੈਕਸ਼ਨ ਸੈਂਸਰਾਂ ਨਾਲ ਲੈਸ ਕੀਤਾ ਗਿਆ ਹੈ ਅਤੇ ਤਿੰਨ ਪੁਆਇੰਟ ਸੀਟ ਬੈਲਟਾਂ ਨੂੰ ਤਿੰਨੋਂ ਪਿਛਲੇ ਯਾਤਰੀਆਂ ਲਈ ਸਟੈਂਡਰਡ ਵਜੋਂ ਸੈੱਟ ਕੀਤਾ ਗਿਆ ਹੈ। ਲਾਂਚ ਮੌਕੇ 'ਤੇ ਟਿੱਪਣੀ ਕਰਦੇ ਹੋਏ, ਟੋਰੂ ਕਿਸੀਮੋਤੋ, ਡਿਪਟੀ ਮੈਨੇਜਿੰਗ ਡਾਇਰੈਕਟਰ, ਇਸੂਜ਼ੂ ਮੋਟਰਜ਼ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੀ ਪਹਿਲੀ ਲਾਈਫਸਟਾਈਲ ਐਡਵੈਂਚਰ ਯੂਟੀਲਿਟੀ ਵ੍ਹੀਕਲ ਪੇਸ਼ ਕਰਕੇ ਭਾਰਤ ਵਿੱਚ ਇੱਕ ਬੈਂਚਮਾਰਕ ਸਥਾਪਤ ਕਰਨ 'ਤੇ ਮਾਣ ਹੈ। ਕੰਪਨੀ ਨੂੰ ਲਾਂਚ ਹੋਣ ਤੋਂ ਬਾਅਦ ਤੋਂ ਹੀ ਕਾਫੀ ਤਾਰੀਫ ਮਿਲ ਰਹੀ ਹੈ। ਉਨ੍ਹਾਂ ਨੂੰ ਉਮੀਦ ਹੈ ਕਿ ਅਭਿਲਾਸ਼ੀ ਉਤਪਾਦਾਂ ਦੀ ਇਸ ਭਰਪੂਰ ਰੇਂਜ ਨਾਲ ਉਹ ਪ੍ਰਗਤੀਸ਼ੀਲ ਭਾਰਤੀ ਗਾਹਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਯੋਗ ਹੋਣਗੇ।

# ਪੱਤਰਕਾਰ ਤੇਜਪਾਲ ਸਿੰਘ ਨੂੰ ਸਦਮਾ, ਪਤਨੀ ਬੀਬੀ ਸਤਵਿੰਦਰ ਕੌਰ ਸਵਰਗਵਾਸ



ਸ੍ਰੀ ਅਨੰਦਪੁਰ ਸਾਹਿਬ, 2 ਮਈ(ਦਵਿੰਦਰਪਾਲ ਸਿੰਘ): ਇੱਥੋਂ ਦੇ ਸੀਨੀਅਰ ਪੱਤਰਕਾਰ ਤੇਜਪਾਲ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਧਰਮ ਪਤਨੀ ਬੀਬੀ ਸਤਵਿੰਦਰ ਕੌਰ ਅੱਜ ਸਵੇਰੇ ਦਿਲ ਦੀ ਗਤੀ ਰੁੱਕ ਜਾਣ ਕਾਰਨ ਅਕਾਲ ਚਲਾਣਾ ਕਰ ਗਏ। ਇਸ ਖਬਰ ਨਾਲ ਗੁਰੂ ਨਗਰੀ 'ਚ ਭਾਰੀ ਸੋਗ ਦੀ ਲਹਿਰ ਫੈਲ ਗਈ। ਵੱਡੀ ਗਿਣਤੀ 'ਚ ਸ਼ਹਿਰ ਵਾਸੀਆਂ ਵੱਲੋਂ ਪੱਤਰਕਾਰ ਤੇਜਪਾਲ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਦੁੱਖ ਦ?ਾ ਪ੍ਰਗਟਾਵਾ ਕਰਨ ਵਾਲਿਆਂ ਐਡਵੋਕੇਟ ਹਰਦੇਵ ਸਿੰਘ ਅਡੀਸ਼ਨਲ ਮੈਨੇਜਰ, ਇਦਰਜੀਤ ਸਿੰਘ ਅਰੋੜਾ ਪ੍ਰਧ?ਨ ਵਪਾਰ ਮੰਡਲ, ਕੌਂਸਲਰ ਜਸਵਿੰਦਰ ਸਿੰਘ ਬੱਬੀ,ਐਡਵੋਕੇਟ ਰਵਿੰਦਰ ਸਿੰਘ ਰਤਨ, ਪੱਤਰਕਾਰ ਰਾਜਪਾਲ ਆਂਗਰਾ, ਕਰਨੈਲ ਸਿੰਘ ਸੈਣੀ, ਜਰਨੈਲ ਸਿੰਘ ਨਿੱਕੂਵਾਲ, ਦਲਜੀਤ ਸਿੰਘ ਅਰੋੜਾ, ਦਿਨੇਸ਼ ਕਮਾਰ ਨੱਡਾ, ਸੁਰਿੰਦਰ ਸਿੰਘ ਸੋਨੀ, ਦਵਿੰਦਰਪਾਲ ਸਿੰਘ, ਸਤਨਾਮ ਸਿੰਘ ਅਰੋੜਾ, ਜੋਗਿੰਦਰ ਸਿੰਘ ਰਾਣਾ, ਅਮਰਜੀਤ ਸਿੰਘ ਸਾਬਕ?ਾ ਬੈਂਕ ਅਫਸਰ, ਰਵੀ ਲਟਾਵਾ, ਸੁਰਜੀਤ ਸਿੰਘ, ਬਲਵਿੰਦਰ ਸਿੰਘ ਸੋਨੂੰ, ਚਰਨਪਾਲ ਸਿੰਘ ਬਜਾਜ, ਗੁਰਦੀਪ ਸਿੰਘ ਬੰਗਾ,ਬਲਵਿੰਦਰ ਸਿੰਘ ਬੰਗਾ, ਜਸਵਿੰਦਰ ਸਿੰਘ ਜੋਗਾ, ਅਵਤਾਰ ਸਿੰਘ ਸੋਢੀ, ਮਾਤਾ ਗੁਰਚਰਨ ਕੌਰ,ਬੀਬੀ ਸੁਰਿੰਦਰਪਾਲ ਕੌਰ ਬੀਬੀ ਮਨਜੀਤ ਕੌਰ, ਕੌਂਸਲਰ ਬੀਬੀ ਬਲਬੀਰ ਕੌਰ ਆਦਿਕ ਸ਼ਾਮਿਲ ਹਨ। ਦੱਸਣਯੋਗ ਹੈ ਕਿ ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ 4 ਮਈ ਦਿਨ ਸਨਿਚਰਵਾਰ ਨੂੰ ਬਾਅਦ ਦੁਪਹਿਰ ਇਕ ਵਜੇ ਸਥਾਨਕ ਚਰਨ ਗੰਗਾ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਵੇਗਾ।

# ਏ.ਪੀ.ਜੇ.ਪਬਲਿਕ ਸਕੂਲ ਮੁੰਡੀ ਖਰੜ ਵਿਚ ਦਰਜ਼ਾ ਚਾਰ ਕਰਮਚਾਰੀਆਂ ਨੇ ਮਨਾਇਆ ਮਈ ਦਿਵਸ



ਖਰੜ,2 ਮਈ,ਲੋਕ ਬਾਣੀ (ਕਾਲਾ ਸਿੰਘ ਸੈਣੀ )- ਮਈ ਦਿਵਸ ਨੂੰ ਲੈ ਕੇ ਏ.ਪੀ.ਜੇ.ਪਬਲਿਕ ਸਕੂਲ ਮੁੰਡੀ ਖਰੜ ਦੇ ਸਮੂਹ ਦਰਜਾ-4 ਕਰਮਚਾਰੀਆਂ ਵਲੋਂ ਸਕੂਲ ਕੈਂਪਸ ਵਿਚ ਸਮਾਗਮ ਕਰਵਾਇਆ ਗਿਆ। ਉਨ੍ਹਾਂ ਸਮਾਗਮ ਦੌਰਾਨ ਜੀਵੰਤ ਡਾਂਸ ਪ੍ਰਦਰਸ਼ਨ, ਖੁਸ਼ੀ ਅਤੇ ਦੋਸਤੀ ਫੈਲਾਉਦੇ ਹੋਏ ਜਸ਼ਨ ਮਨਾਏ। ਉਨ੍ਹਾਂ ਦੇ ਸਮਰਪਣ ਅਤੇ ਮਿਹਨਤ ਨੂੰ ਪਛਾਣਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਮਾਗਮ ਵਿਚ ਸਕੂਲ ਦੇ ਅਧਿਆਪਕ ਵੀ ਸ਼ਾਮਲ ਹੋਏ ਅਤੇ ਉਨ੍ਹਾਂ ਦੀ ਸਖਤ ਮਿਹਨਤ ਲਈ ਧੰਨਵਾਦ ਕੀਤਾ। ਸਕੂਲ ਦੇ ਪ੍ਰਿੰਸੀਪਲ ਜਸਵੀਰ ਚੰਦਰ ਵਲੋਂ ਦਰਜਾ ਚਾਰ ਕਰਮਚਾਰੀਆਂ ਨੂੰ ਮਈ ਦਿਵਸ ਦੀ ਮਹੱਤਤਾ ਬਾਰੇ ਦਸਿਆ। ਸਮਾਗਮ ਵਿਚ ਸਕੂਲ ਭਾਈਚਾਰੇ ਵਿਚ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ ਸਨਮਾਨਿਤ ਕੀਤਾ ਗਿਆ।

# ਡਿਪਟੀ ਕਮਿਸ਼ਨਰ ਵੱਲੋਂ 12ਵੀਂ ਜਮਾਤ 'ਚ ਚੋਟੀ ਦਾ ਦਰਜ਼ਾ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ




ਲੁਧਿਆਣਾ, 2 ਮਈ (ਸੁਖਚੈਨ ਮਹਿਰਾ) - ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਆਪਣੇ ਦਫ਼ਤਰ ਵਿੱਚ ਲੁਧਿਆਣਾ ਦੇ 12ਵੀਂ ਜਮਾਤ ਦੇ ਪੰਜ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਸਮੇਤ ਪੰਜਾਬ ਵਿੱਚੋਂ ਪਹਿਲਾ ਦਰਜਾ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਵਿੱਚ ਬੀ.ਸੀ.ਐਮ. ਸੀਨੀਅਰ ਸੈਕੰਡਰੀ ਸਕੂਲ ਜਮਾਲਪੁਰ ਤੋਂ ਏਕਮਪ੍ਰੀਤ ਸਿੰਘ (ਪੰਜਾਬ ਦਾ ਪਹਿਲਾ ਰੈਂਕ ਧਾਰਕ), ਚੇਤਨਾ ਰਾਣੀ ਨਾਇਕ (ਦੂਜਾ ਰੈਂਕ), ਫਰਲੀਨ ਕੌਰ, ਸਨੇਹਾ ਵਰਮਾ (ਦੋਵੇਂ ਚੌਥਾ ਰੈਂਕ ਧਾਰਕ) (ਤਿੰਨੋ ਤੇਜਾ ਸਿੰਘ ਸੁਤੰਤਰ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਸ਼ਿਮਲਾਪੁਰੀ) ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੰਡੀਆਂ ਕਲਾਂ ਤੋਂ ਆਂਚਲ ਜਿੰਦਲ (ਛੇਵਾਂ ਰੈਂਕ ਧਾਰਕ) ਸ਼ਾਮਲ ਹਨ। ਇਨ੍ਹਾਂ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਸਨਮਾਨ ਸਮਾਰੋਹ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਆਪਣੇ ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਲਈ ਵੀ ਸ਼ਲਾਘਾ ਕੀਤੀ। ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਉਚੇਚੇ ਟੀਚੇ ਰੱਖਣ ਅਤੇ ਆਪਣੇ ਟੀਚਿਆਂ 'ਤੇ ਕੇਂਦਰਿਤ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਅਸਫਲਤਾਵਾਂ ਤੋਂ ਨਿਰਾਸ਼ ਨਾ ਹੋਣ ਕਿਉਂਕਿ ਉਹ ਸਫਲਤਾ ਦੇ ਥੰਮ੍ਹ ਹਨ।

ਡਿਪਟੀ ਕਮਿਸ਼ਨਰ ਨੇ 18 ਸਾਲ ਤੋਂ ਵੱਧ ਉਮਰ ਦੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ 1 ਜੂਨ ਨੂੰ ਲੋਕ ਸਭਾ ਚੋਣਾਂ ਦੌਰਾਨ ਵੋਟਿੰਗ ਕਰਨ ਲਈ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਉਨ੍ਹਾਂ ਭਵਿੱਖ ਦੇ ਯਤਨਾਂ ਵਿੱਚ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਗੱਲਬਾਤ ਦੌਰਾਨ, ਵਿਦਿਆਰਥੀਆਂ ਨੇ ਆਪਣੀ ਦਿਲਚਸਪੀ ਦੇ ਖੇਤਰਾਂ, ਸ਼ਕਤੀਆਂ ਅਤੇ ਮੁਸ਼ਕਿਲਾਂ ਨੂੰ ਸਾਂਝਾ ਕੀਤਾ। ਉਨ੍ਹਾਂ ਅਕਾਦਮਿਕ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਪੂਰਾ ਕਰਨ ਲਈ ਆਪਣੀ ਪਹੁੰਚ ਬਾਰੇ ਵੀ ਚਰਚਾ ਕੀਤੀ।

# ਅੰਮ੍ਰਿਤਸਰ ਦੇ ਬਜ਼ਾਰਾਂ ਵਿੱਚ ਮੰਗਾਂ ਨੂੰ ਲੈ ਕੇ ਪੱਤਰਕਾਰਾਂ ਨੇ ਕੀਤਾ ਸਰਕਾਰ ਖਿਲਾਫ ਰੋਸ ਮਾਰਚ

ਅੰਮ੍ਰਿਤਸਰ 2 ਮਈ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਨਾਲ ਸਬੰਧਿਤ ਪੱਤਰਕਾਰਾਂ ਨੇ ਸਥਾਨਕ ਸ਼ਹਿਰ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਰੋਸ ਮਾਰਚ ਕੀਤਾ ਤੇ ਪੱਤਰਕਾਰਾਂ 'ਤੇ ਹੋ ਰਹੇ ਹਮਲਿਆਂ ਦਾ ਹੱਲ ਤੁਰੰਤ ਕੀਤਾ ਜਾਵੇ, ਪੱਤਰਕਾਰਾਂ ਦੀਆਂ ਲੰਮੇ ਸਮੇਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪ੍ਰਵਾਨ ਕਰਨ ਦੇ ਨਾਲ ਨਾਲ ਪੱਤਰਕਾਰ ਰਾਜਿੰਦਰ ਸਿੰਘ ਤੱਗੜ ਨੂੰ ਬਿਨਾਂ ਕਿਸੇ ਦੇਰੀ ਤੋਂ ਰਿਹਾਅ ਕੀਤਾ ਜਾਵੇ ਕਿਉਂਕਿ ਉਸ ਦੀ ਗ੍ਰਿਫਤਾਰੀ ਸਿਆਸਤ ਤੋਂ ਪ੍ਰੇਰਿਤ ਹੈ।

ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ ਜਸਬੀਰ ਸਿੰਘ ਪੱਟੀ ਦੀ ਅਗਵਾਈ ਹੇਠ ਭਾਰੀ ਗਿਣਤੀ ਵਿੱਚ ਪੱਤਰਕਾਰਾਂ ਨੇ ਅੱਜ ਆਪਣੀਆਂ ਮੰਗਾਂ ਨੂੰ ਲੈ ਕੇ ਸਥਾਨਕ ਭੰਡਾਰੀ ਪੁੱਲ ਤੋਂ ਹਾਲ ਗੇਟ, ਭਰਾਵਾਂ ਦਾ ਢਾਬਾ, ਕੱਟੜਾ ਜੈਮਲ ਸਿੰਘ ਤੋ ਮੁੜ ਭੰਡਾਰੀ ਪੁੱਲ ਤੱਕ ਰੋਸ ਮਾਰਚ ਕੀਤਾ ਤੇ ਸਰਕਾਰ ਤੇ ਮੁੱਖ ਮੰਤਰੀ ਖਿਲਾਫ ਰੱਜ ਕੇ ਨਾਅਰੇਬਾਜ਼ੀ ਕਰਦਿਆ ਪੰਜਾਬ ਸਰਕਾਰ ਨੂੰ ਲੋਕ ਭਲਾਈ ਸਰਕਾਰ ਦੀ ਬਜਾਏ ਨਾਅਹਿਲ ਸਰਕਾਰ ਦੱਸਿਆ ਗਿਆ।ਇਸ ਸਮੇਂ ਇਸ ਮਾਰਚ ਨੂੰ ਸੰਬੋਧਨ ਕਰਦਿਆ ਪੰਜਾਬ ਸਰਕਾਰ ਤੋ ਮੰਗ ਕੀਤੀ ਗਈ ਕਿ ਲੰਮੇ ਸਮੇਂ ਤੋਂ ਅੰਮ੍ਰਿਤਸਰ ਇੱਟ ਲਗਾਈ ਬੈਠੇ ਜਿਲ੍ਹਾ ਲੋਕ ਸੰਪਰਕ ਅਧਿਕਾਰੀ ਸ਼ੇਰ ਜੰਗ ਸਿੰਘ ਹੁੰਦਲ ਦਾ ਤੁਰੰਤ ਤਬਾਦਲਾ ਕੀਤਾ ਜਾਵੇ ਜੋ ਪੱਤਰਕਾਰਾਂ ਵਿੱਚ ਧੜੇਬੰਦੀ ਪੈਦਾ ਕਰਨ ਦੇ ਨਾਲ ਨਾਲ ਭ੍ਰਿਸ਼ਟਾਚਾਰ ਵੀ ਫੈਲਾ ਰਿਹਾ ਹੈ।ਚੋਣ ਕਮਿਸ਼ਨ ਵੀ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਤੇ ਕਈ ਹੋਰ ਅਧਿਕਾਰੀ




ਜਿਹੜੇ ਆਪਣੇ ਗ੍ਰਹਿ ਜਿਲ੍ਹੇ ਵਿੱਚ ਬੈਠੇ ਹਨ ਉਹਨਾਂ ਵੱਲ ਚੋਣ ਕਮਿਸ਼ਨ ਕੋਈ ਕਾਰਵਾਈ ਕਰਨ ਲਈ ਤਿਆਰ ਨਹੀਂ।ਚੋਣ ਨੂੰ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਇਹਨਾਂ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਤਬਾਦਲੇ ਕਰਨਾ ਕਾਇਦੇ ਕਨੂੰਨ ਅਨੁਸਾਰ ਬਹੁਤ ਜ਼ਰੂਰੀ ਹੈ। ਇਸ ਤੋ ਇਲਾਵਾ ਪੱਤਰਕਾਰਾਂ 'ਤੇ ਹੋ ਰਹੇ ਹਮਲਿਆਂ ਦਾ ਸਖਤ ਨੋਟਿਸ ਲੈਦਿਆ ਮੰਗ ਕੀਤੀ ਗਈ ਕਿ ਪੱਤਰਕਾਰ ਭਾਈਚਾਰੇ ਦੀ ਸੁਰੱਖਿਆ ਦੇ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਜਾਣ ਤੇ ਪੱਤਰਕਾਰਾਂ ਦੀਆਂ ਮੰਗਾਂ ਸਬੰਧੀ ਐਸੋਸੀਏਸ਼ਨ ਦੇ ਨੁੰਮਾਇੰਦਿਆ ਦੀ ਇੱਕ ਵਿਸ਼ੇਸ਼ ਮੀਟਿੰਗ ਮੁੱਖ ਮੰਤਰੀ ਨਾਲ ਤੁਰੰਤ ਤਹਿ ਕਰਵਾਈ ਜਾਵੇ।ਪੱਤਰਕਾਰਾਂ ਦਾ ਪਰਿਵਾਰਾਂ ਸਮੇਤ 10 ਲੱਖ ਦਾ ਮੈਡੀਕਲ ਬੀਮਾ ਕਰਵਾਇਆ ਜਾਵੇ ਕਿਉਂਕਿ ਹੁਣ ਤੱਕ ਦੀਆਂ ਬੀਮਾ ਸਕੀਮਾਂ ਲੱਗਪੱਗ ਫੇਲ ਰਹੀਆਂ ਹਨ।ਸ੍ਰ ਪ੍ਰਕਾਸ਼ ਸਿੰਘ ਬਾਦਲ ਦੇ ਸਮੇਂ ਪੱਤਰਕਾਰਾਂ ਨੂੰ ਸਰਕਾਰੀ ਬੱਸਾਂ ਵਿੱਚ ਫਰੀ ਸਫਰ ਕਰਨ ਦੀ ਸਹੂਲਤ ਨੂੰ ਮੁੜ ਬਹਾਲ ਕੀਤਾ ਜਾਵੇ।58 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੱਤਰਕਾਰਾਂ ਨੂੰ ਕੈਪਟਨ ਸਰਕਾਰ ਵੇਲੇ ਸ਼ੁਰੂ ਕੀਤੀ ਗਈ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਤੇ ਪੈਨਸ਼ਨ 12 ਹਜ਼ਾਰ ਤੋ ਵਧਾ ਕੇ 20 ਹਜ਼ਾਰ ਕੀਤੀ ਜਾਵੇ।ਇਸੇ ਤਰ੍ਹਾਂ ਸਰਕਾਰ ਵੱਲੋਂ ਐਕਰੀਡੇਸ਼ਨ ਤੇ ਪੀਲੇ ਕਾਰਡ ਬਣਾਉਣ ਸਮੇਂ ਛੋਟੀਆਂ ਤੇ ਵੱਡੀਆਂ ਅਖਬਾਰਾਂ ਦਾ ਵਿਤਕਰਾ ਬੰਦ ਕੀਤਾ ਜਾਵੇ ਤੇ ਜਿਸ ਵੀ ਪੱਤਰਕਾਰ ਨੂੰ ਅਦਾਰੇ ਨੇ ਪੱਤਰਕਾਰ ਨਾਮਜ਼ਦ ਕੀਤਾ ਹੈ ਤੇ ਉਸ ਦੀਆਂ ਲਗਾਤਾਰ ਖਬਰਾਂ ਪ੍ਰਕਾਸ਼ਤ ਹੋ ਰਹੀਆਂ ਹਨ ਉਸ ਦਾ ਸਰਕਾਰੀ ਕਾਰਡ ਪਹਿਲ ਦੇ ਆਧਾਰ 'ਤੇ ਬਿਨਾਂ ਕਿਸੇ ਵਿਤਕਰੇ ਤੋਂ ਬਣਾਇਆ ਜਾਵੇ।ਪ੍ਰੈਸ ਕਲੱਬ ਅੰਮ੍ਰਿਤਸਰ ਦੀ ਚੋਣ ਵਿੱਚ ਹੋਈ ਘੱਪਲੇਬਾਜ਼ੀ ਦੀ ਜਾਂਚ ਕਰਵਾ ਕੇ ਪਾਰਦਰਸ਼ੀ ਢੰਗ ਨਾਲ ਚੋਣ ਕਰਵਾਈ ਜਾਵੇ ਤੇ ਪਿਛਲ਼ੇ ਦੋ ਸਾਲਾਂ ਦੇ ਫੰਡਾਂ ਦੀ ਜਾਂਚ ਵਿਜੀਲੈਂਸ ਤੋਂ ਕਰਵਾਈ ਜਾਵੇ, ਪੱਤਰਕਾਰਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਜਿਲ੍ਹਾ ਪੱਧਰ 'ਤੇ ਕਮੇਟੀਆ ਬਣਾਈਆ ਜਾਣ, ਜਿਲ੍ਹਾ ਸ਼ਕਾਇਤ ਨਿਵਾਰਣ ਕਮੇਟੀਆਂ ਵਿੱਚ ਪੱਤਰਕਾਰਾਂ ਨੂੰ ਵੀ ਨੁੰਮਾਇੰਦਗੀ ਦਿੱਤੀ ਜਾਵੇ, ਰੇਲਵੇ ਦੇ ਰਿਆ ?ਤੀ ਪਾਸ ਮੁੜ ਸ਼ੁਰੂ ਕੀਤੇ ਜਾਣ ਤੇ ਹਰ ਪੱਤਰਕਾਰ ਨੂੰ ਇਹ ਸਹੂਲਤ ਦਿੱਤੀ ਜਾਵੇ।

## ਸ਼ਾਨ-ਏ-ਦਸਤਾਰ ਮੁਕਾਬਲੇ ਵਿੱਚ ਲਗਭਗ 800 ਬੱਚਿਆ ਨੇ ਲਿਆ ਭਾਗ

ਲੁਧਿਆਣਾ/ਸਮਰਾਲਾ (ਵਰਿੰਦਰ ਪ੍ਰਕਾਸ਼ ਭਾਂਬਰੀ) ਭਾਈ ਮਰਦਨਾ ਜੀ ਚੈਰੀਟੇਬਲ ਟਰੱਸਟ ਵੱਲੋ ਮਾਲਵਾ ਖਾਲਸ਼ਾ ਕਾਲਜ ਸਮਰਾਲਾ ਵਿੱਖੇ ਸ਼ਾਨ-ਏ-ਦਸਤਾਰ ਮੁਕਾਬਲੇ ਕਰਵਾਏ ਗਏ ।ਜਿਸ ਵਿੱਚ ਲਗਭਗ 800 ਬੱਚਿਆ ਨੇ ਭਾਗ ਲਿਆ,ਇਹ ਸਮਾਗਮ ਵਿੱਚ ਬੱਚਿਆ ਦੀ ਹੌਸ਼ਲਾ ਅਫਜਾਈ ਲਈ ਗਗਨਦੀਪ ਸਿੰਘ, ਅਮ੍ਰਿਤਪਾਲ ਸਿੰਘ ਬਿੱਲਾ ਫਿਲਮੀ ਕਲਾਕਾਰ,ਅਜੈਬ ਸਿੰਘ ਗੋਲਡੀ ਪੀ ਪੀ,ਕੁਲਬੀਰ ਸਿੰਘ ਮੁਸਕਾਬਾਦ, ਭਗਵਾਨ ਸਿੰਘ, ਐਕਟਰ ਸੱਨੀ ਗਿੱਲ, ਨਿਰਦੰਰ ਸਿੰਘ ਨੀਨਾ ਜੀ ਨੇ ਹਾਜਰੀ ਭਰੀ। ਇਹ ਦਸਤਾਰ ਮੁਕਾਬਲਾ ਕਰਵਾਉਣ ਲਈ ਪ੍ਰਿੰਸੀਪਲ ਸਤਵੰਤ ਕੌਰ ਜੀ, ਭਾਈ ਅਤੰਰਜੋਤ ਸਿੰਘ ਤੇ ਭਾਈ ਮਰਦਾਨਾ ਜੀ ਚੈਰੀਟੇਬਲ ਟਰੱਸਟ ਦੇ ਮੈਂਬਰਾ ਨੇ ਸਲਾਹ ਕੀਤੀ।ਮੁਕਾਬਲੇ ਵਿੱਚ ਭਾਗ ਲੈਣ ਵਾਲੇ ਬੱਚਿਆ ਨੂੰ ਇਨਾਮ ਦੇ ਕੇ ਹੌਸ਼ਲਾ ਅਫਜਾਈ ਕੀਤੀ,ਜੇਤੂ ਬੱਚਿਆ ਨੂੰ ਵਿਸ਼ੇਸਕਾਰ ਪਹਿਲੇ ਨੰਬਰ ਤੇ ਦੁਬਈ ਦਾ ਟੂਰ, ਦੂਸਰੇ ਨੰਬਰ ਤੇ ਜੇਤੂ ਨੂੰ ਐਲ ਈ ਡੀ,ਤੀਜੇ ਨੰਬਰ ਤੇਜੇਤੂ ਨੂੰ ਸਮਾਟ ਫ਼ੋਨ ਦੀਤੇ ਗਏ। ਸਰਦਾਰ ਗਗਨਦੀਪ ਸਿੰਘ (ਸਰਹਿੰਦ) ਨੇ ਸ਼ਾਨ-ਏ-ਦਸਤਾਰ ਮੁਕਾਬਿਲਆਂ ਦੀ ਪ੍ਰਸ਼ੰਸਾ ਕੀਤੀਅਤੇ ਅੱਜ ਦੀ ਨੌਜਵਾਨ ਪੀੜੀ ਨੂੰ ਆਪਣੇ ਵਿਰਸ਼ੇ ਨਾਲ ਜੁੜਨੇ ਲਈ ਕੀਤੇ ਉਪਰਾਲੇ ਲਈ ਪ੍ਰਿੰਸੀਪਲ ਸਤਵੰਤ ਕੌਰ ਤੇ ਭਾਈ ਮਰਦਾਨਾ ਜੀ ਚੈਰੀਟੇਬਲ ਟਰੱਸਟ ਦੇ ਮੈਂਬਰਾਂ ਦੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ।




## ਨਿਊ ਸੰਨਫਲਾਵਰ ਹਾਈ ਸਕੂਲ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ

ਫਗਵਾੜਾ ( ਲੋਕ ਬਾਣੀ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਨਤੀਜੇ ਵਿੱਚ ਨਿਊ ਸੰਨਫਲਾਵਰ ਹਾਈ ਸਕੂਲ ਫਗਵਾੜਾ ਦਾ ਨਤੀਜਾ 100 ਫੀਸਦੀ ਰਿਹਾ ਸਕੂਲ ਦੀ ਵਿਦਿਆਰਥਣ ਦਿਕਸ਼ਾ ਕੌਰ ਨੇ 97.3 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਸਿਮਰਨਜੀਤ ਕੌਰ ਨੇ 97.2 ਅੰਕ ਲੈਕੇ ਦੂਜਾ ਅਤੇ ਕਾਰਤਿਕ ਨੇ,96.8 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ

ਸਕੂਲ ਦੇ ਚੇਅਰਮੈਨ ਸ੍ਰੀਮਤੀ ਜਸਵਿੰਦਰ ਕੌਰ ਭੱਟੀ ਅਤੇ ਪ੍ਰਿੰਸੀਪਲ ਰੋਬਿਨ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਕੂਲ ਨੇ 23 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ 12 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ10 ਵਿਦਿਆਰਥੀਆਂ ਨੇ 70 ਪ੍ਰਤੀਸ਼ਤ ਤੋਂ ਵੱਧ ਅੰਕ ਹਾਸਿਲ ਕੀਤੇ

ਪ੍ਰਿੰਸੀਪਲ ਨੇ ਵਿਦਿਆਰਥੀਆਂ ਦੇ ਮਾਪਿਆਂ ਸਕੂਲ ਦੇ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਰਾ ਸਾਲ ਮਿਹਨਤ ਤੋਂ ਬਾਅਦ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ ਦੇਖ ਕੇ ਬਹੁਤ ਖੁਸ਼ੀ ਹੋਈ ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਜ਼ਿੰਦਗੀ ਵਿੱਚ ਹੋਰ ਮਿਹਨਤ ਕਰਨ ਅਤੇ ਬਿਨਾਂ ਕਿਸੇ ਝਿਜਕ ਦੇ ਚੰਗੇ ਸਥਾਨਾਂ 'ਤੇ ਪਹੁੰਚਣ ਇਸ ਮੌਕੇ ਪ੍ਰਿੰਸੀਪਲ ਰੌਬਿਨ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਡਾ: ਰਾਧਿਕਾ ( ਦਿ ਡੈਂਟਲ ਹੱਬ), ਹਰਕਿਰਪਾਲ ਸਿੰਘ ਬਾਜਵਾ ਅਤੇ ਸਮੂਹ ਸਟਾਫ਼ ਨੇ ਵੀ ਸ਼ਾਮਲ ਸਨ



# ਮਿਹਨਤ ਬਨਾਮ ਕਿਸਮਤ

ਜਿਸ ਯੁੱਗ ਵਿੱਚ ਵਿਗਿਆਨ ਆਪਣੇ ਵਿਕਾਸ ਦੀਆਂ ਉਚਾਈਆਂ ਨੂੰ ਪਹੁੰਚਦਾ ਅਤੇ ਸਿੱਧ ਕਰਦਾ ਨਜ਼ਰ ਆ ਰਿਹਾ ਹੈ, ਜੀਵਨ ਦੇ ਲਗਭਗ ਸਾਰੇ ਖੇਤਰ ਇਸ ਤੋਂ ਪ੍ਰਭਾਵਿਤ ਅਤੇ ਨਿਯੰਤਰਿਤ ਹੁੰਦੇ ਜਾਪਦੇ ਹਨ, ਇਸ ਵਿੱਚ ਵੀ ਬਹੁਤ ਸਾਰੇ ਲੋਕ ਇਹ ਕਹਿੰਦੇ ਅਤੇ ਮੰਨਦੇ ਦੇਖੇ ਜਾ ਸਕਦੇ ਹਨ ਕਿ ਚਮਤਕਾਰ ਹੁੰਦੇ ਹਨ। ਅਸੀਂ ਆਪਣੇ ਆਲੇ-ਦੁਆਲੇ ਅਜਿਹੇ ਲੋਕ ਲੱਭ ਸਕਦੇ ਹਾਂ ਜੋ ਤਾਂਤਰਿਕਾਂ ਜਾਂ ਬਾਬਿਆਂ ਦੇ ਚਮਤਕਾਰਾਂ ਨੂੰ ਮੰਨਦੇ ਹਨ। ਪਰ ਇਸ ਤੋਂ ਇਲਾਵਾ 'ਚਮਤਕਾਰ' ਇਕ ਹੋਰ ਮੋਰਚੇ 'ਤੇ ਵੱਖਰੇ ਢੰਗ ਨਾਲ ਥਾਂ ਲੱਭ ਰਹੀ ਹੈ। ਵਿਗਿਆਨ ਦੁਆਰਾ ਚਮਤਕਾਰ. ਹਾਲਾਂਕਿ, ਅਤੀਤ ਵਿੱਚ ਵੀ, ਜੋ ਚਮਤਕਾਰ ਹੋਏ ਸਨ, ਉਨ੍ਹਾਂ ਪਿੱਛੇ ਵਿਗਿਆਨ ਦਾ ਹੱਥ ਸੀ।ਸਮੱਸਿਆ ਇਹ ਸੀ ਕਿ ਉਨ੍ਹਾਂ ਚਮਤਕਾਰਾਂ ਵਿੱਚ ਵਿਗਿਆਨ ਨੂੰ ਪਰਦੇ ਪਿੱਛੇ ਰੱਖਿਆ ਗਿਆ ਸੀ। ਅਸਲ ਵਿੱਚ ਵਿਗਿਆਨ ਦੀ ਦੁਨੀਆਂ ਵਿੱਚ ਥਾਂ ਬਣਾਉਣ ਲਈ ਸਖ਼ਤ ਮਿਹਨਤ ਕਰਨੀ ਪੈਂਦੀ ਹੈ। ਫਿਰ ਕਈ ਚਮਤਕਾਰ ਕੀਤੇ ਜਾ ਸਕਦੇ ਹਨ। ਦੂਜੇ ਪਾਸੇ ਇਸ ਸਵਾਲ ਦਾ ਜਵਾਬ ਵੀ ਚਾਹੀਦਾ ਹੈ ਕਿ ਵਿਗਿਆਨ ਦੇ ਗਿਆਨ ਅਤੇ ਚਮਤਕਾਰਾਂ ਨੇ ਮਨੁੱਖਤਾ ਨੂੰ ਕਿਸ ਹੱਦ ਤੱਕ ਲਾਭ ਪਹੁੰਚਾਇਆ ਹੈ। ਮੌਜੂਦਾ ਉਦਾਹਰਨ ਆਰਟੀਫੀਸ਼ੀਅਲ ਇੰਟੈਲੀਜੈਂਸ ਹੈ, ਜਿਸ ਨਾਲ ਮੁਸੀਬਤ ਦੀਆਂ ਖਬਰਾਂ ਆਉਣੀਆਂ ਸ਼ੁਰੂ ਹੋ ਗਈਆਂ ਹਨ। ਇਸ ਬਾਰੇ ਭੰਬਲਭੂਸਾ ਹੈ ਕਿ ਕੀ ਨਕਲੀ ਬੁੱਧੀ ਵਾਲਾ ਇਹ ਮਨੁੱਖੀ ਉਤਪਾਦ ਕੁਦਰਤੀ ਬੁੱਧੀ ਵਾਲੇ ਵਿਅਕਤੀ ਦੀ ਕਿਸਮਤ ਬਣਾ ਸਕਦਾ ਹੈ ਜਾਂ ਤੋੜ ਸਕਦਾ ਹੈ। ਕੀ ਹੈਕੀ ਅਸੀਂ ਆਪਣੀ ਕਿਸਮਤ ਜਾਂ ਚੰਗੀ ਕਿਸਮਤ ਕਾਰਨ ਸਖ਼ਤ ਮਿਹਨਤ ਕਰਦੇ ਹਾਂ ਜਾਂ ਇਹ ਸਾਡੀ ਕਿਸਮਤ ਹੈ ਜਾਂ ਲਗਾਤਾਰ ਮਿਹਨਤ ਸਾਡੀ ਕਿਸਮਤ ਨੂੰ ਬਣਾਉਂਦੀ ਹੈ? ਇਸ ਸੰਦਰਭ ਵਿੱਚ ਇੱਕ ਮਸ਼ਹੂਰ ਫੁੱਟਬਾਲ ਖਿਡਾਰੀ ਦੇ ਸ਼ਬਦ ਚੇਤੇ ਆਉਂਦੇ ਹਨ। ਇਹ ਪੁੱਛੇ ਜਾਣ 'ਤੇ ਕਿ ਕੀ ਉਸ ਨੇ ਜੋ ਗੋਲ ਕੀਤੇ ਉਹ ਕਿਸਮਤ ਦਾ ਨਤੀਜਾ ਸਨ, ਉਸ ਨੇ ਕਿਹਾ, "ਬਿਲਕੁਲ, ਮੈਂ ਜਿੰਨਾ ਜ਼ਿਆਦਾ ਅਭਿਆਸ ਕਰਦਾ ਹਾਂ, ਮੈਂ ਓਨਾ ਹੀ ਖੁਸ਼ਕਿਸਮਤ ਬਣ ਜਾਂਦਾ ਹਾਂ।" ਜੇਕਰ ਸਾਨੂੰ ਦੌਲਤ, ਪ੍ਰਸਿੱਧੀ, ਨੌਕਰੀ, ਉੱਚ ਅਹੁਦਾ, ਭਾਵ ਕਿਸੇ ਵੀ ਕਿਸਮ ਦੀ ਸਫਲਤਾ ਮਿਲਦੀ ਹੈ, ਤਾਂ ਇਹ ਚੰਗੀ ਕਿਸਮਤ ਨਾਲ ਜੁੜੀ ਹੋਈ ਹੈ। ਹਰ ਬੱਚਾ ਇੱਕ ਛੋਟੀ ਰੂਹ ਵਰਗਾ ਹੁੰਦਾ ਹੈਅਸੀਂ ਇਸ ਸੰਸਾਰ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਸੰਭਾਵਨਾਵਾਂ ਨਾਲ ਪੈਦਾ ਹੋਏ ਹਾਂ। ਉਹ ਊਰਜਾ ਨਾਲ ਭਰਪੂਰ ਹਨ। ਜਿਵੇਂ-ਜਿਵੇਂ ਉਹ ਵਿਕਸਿਤ ਹੁੰਦੇ ਹਨ, ਵੱਖ-ਵੱਖ ਤਰ੍ਹਾਂ ਦੇ ਪਰਿਵਾਰਕ ਮਾਹੌਲ, ਵਿੱਤੀ ਸਥਿਤੀ ਅਤੇ ਸਿੱਖਿਆ ਉਨ੍ਹਾਂ ਦੇ ਵਿਚਾਰਾਂ ਦਾ ਵਿਕਾਸ ਕਰਦੇ ਹਨ। ਉਨ੍ਹਾਂ ਦਾ ਘਰ ਉਨ੍ਹਾਂ ਦੀ ਜ਼ਿੰਦਗੀ ਦਾ ਪਹਿਲਾ ਅਸਲੀ ਸਕੂਲ ਹੈ। ਇਹ ਵੀ ਦੇਖਿਆ ਗਿਆ ਹੈ ਕਿ ਕਈ ਮਾਮਲਿਆਂ ਵਿੱਚ ਮਿਹਨਤ ਵਿਅਰਥ ਹੀ ਰਹਿ ਜਾਂਦੀ ਹੈ ਅਤੇ ਪਰਿਵਾਰਿਕ, ਰਾਜਨੀਤਿਕ, ਧਾਰਮਿਕ ਜਾਂ ਹੋਰ ਕਈ ਤਰ੍ਹਾਂ ਦੇ ਪ੍ਰਬੰਧ ਕਰਕੇ ਕਿੰਨੀਆਂ ਕਿਸਮਤ ਬਦਲ ਜਾਂਦੀਆਂ ਹਨ। ਸਮੇਂ ਸਿਰ ਜਾਗਰੂਕਤਾ, ਚਤੁਰਾਈ ਅਤੇ ਚੁਸਤੀ ਸਫਲਤਾ ਵੱਲ ਲੈ ਜਾਂਦੀ ਹੈ। ਇਸ ਦਾ ਅੰਦਾਜ਼ਾ ਸਿਰਫ਼ ਮਿਹਨਤ ਕਰਕੇ ਹੀ ਲਾਇਆ ਜਾ ਸਕਦਾ ਹੈਇਹ ਕਾਫ਼ੀ ਨਹੀਂ ਹੈ, ਇਸ ਲਈ ਚੁਸਤ ਅਤੇ ਸੁਚੇਤ ਹੋ ਕੇ ਕੰਮ ਕਰਨਾ ਜ਼ਿਆਦਾ ਜ਼ਰੂਰੀ ਹੈ। ਅਜਿਹੇ 'ਚ ਮਿਹਨਤ ਕਰਨ ਦੀ ਸ਼ੈਲੀ ਬਹੁਤ ਜ਼ਰੂਰੀ ਹੈ। ਜ਼ਿੰਦਗੀ ਦੇ ਹਾਲਾਤ ਸਭ ਤੋਂ ਵੱਡੇ ਅਧਿਆਪਕ ਹਨ। ਉਹ ਬਹੁਤ ਕੁਝ ਸਿਖਾਉਂਦੀ ਹੈ। ਇਹ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਕਿੰਨੀ ਗੰਭੀਰਤਾ ਨਾਲ ਸਿੱਖਦੇ ਹਾਂ। ਕਾਮਯਾਬ ਲੋਕਾਂ ਕੋਲ ਵੀ 24 ਘੰਟੇ ਹੁੰਦੇ ਹਨ। ਉਹਨਾਂ ਦੀ ਕਿਸਮਤ ਉਹਨਾਂ ਨੂੰ ਇੱਕ ਪਲ ਵੀ ਹੋਰ ਨਹੀਂ ਦਿੰਦੀ। ਉਹ ਜੋ ਵੀ ਕਰਦੇ ਹਨ, ਉਹ ਇਸ ਸਮਾਂ ਸੀਮਾ ਦੇ ਅੰਦਰ ਕਰਦੇ ਹਨ। ਇਸ ਦਾ ਮਤਲਬ ਹੈ ਕਿ ਉਹ ਆਪਣੇ ਸਮੇਂ ਦੀ ਚੰਗੀ ਵਰਤੋਂ ਕਰਦੇ ਹਨ। ਉਹ ਆਪਣੇ ਮਾਪਿਆਂ ਤੋਂ ਅਜਿਹਾ ਕਰਨਾ ਸਿੱਖਦੇ ਹਨ ਅਤੇ ਮਾਪੇ ਉਨ੍ਹਾਂ ਨੂੰ ਉਹੀ ਸਿਖਾਉਂਦੇ ਹਨ ਜੋ ਉਨ੍ਹਾਂ ਨੇ ਸਿੱਖਿਆ ਹੈ।ਆਪਣੇ ਜੀਵਨ ਦੇ ਸਕਾਰਾਤਮਕ ਅਨੁਭਵਾਂ ਨੂੰ ਉਸ ਸਿੱਖਿਆ ਵਿੱਚ ਸ਼ਾਮਲ ਕਰਦੇ ਰਹੋ। ਜਿਹੜੇ ਲੋਕ ਕਿਸੇ ਕਾਰਨ ਅਜਿਹਾ ਨਹੀਂ ਕਰ ਪਾਉਂਦੇ, ਉਹ ਆਪਣੀ ਕਿਸਮਤ ਨੂੰ ਦੋਸ਼ ਦਿੰਦੇ ਹਨ। ਅਸਲ ਵਿੱਚ ਉਹ ਸਮੇਂ ਦੀ ਨਬਜ਼ ਨੂੰ ਕਾਬੂ ਕਰਨ ਵਿੱਚ ਅਸਮਰੱਥ ਹਨ। ਹੋ ਸਕਦਾ ਹੈ ਕਿ ਉਨ੍ਹਾਂ ਨੇ ਆਪਣੇ ਹਾਲਾਤਾਂ ਅਤੇ ਪਰਿਵਾਰਕ ਸਥਿਤੀਆਂ ਕਾਰਨ ਇਸ ਨੂੰ ਅੰਦਰੂਨੀ ਬਣਾਇਆ ਹੋਵੇ। ਜੇਕਰ ਕੋਈ ਵਿਅਕਤੀ, ਸਥਿਤੀ, ਘਟਨਾ, ਉਪਦੇਸ਼ ਜਾਂ ਪ੍ਰੇਰਣਾਦਾਇਕ ਪੁਸਤਕ ਆਪਣਾ ਦ੍ਰਿਸ਼ਟੀਕੋਣ ਬਦਲ ਲਵੇ, ਤਾਂ ਉਹ ਸਫਲਤਾ ਦੇ ਰਾਹ 'ਤੇ ਵਾਪਸ ਆ ਸਕਦੇ ਹਨ। ਜ਼ਿੰਦਗੀ ਹਰ ਕਿਸੇ ਨੂੰ ਮੌਕੇ ਦਿੰਦੀ ਹੈ। ਸਵਾਲ ਇਹ ਹੈ ਕਿ ਕੀ ਉਨ੍ਹਾਂ ਮੌਕਿਆਂ ਦੀ ਪਛਾਣ ਕੀਤੀ ਗਈ ਅਤੇ ਸਵੀਕਾਰ ਕੀਤੀ ਗਈ ਅਤੇ ਲੋੜੀਂਦੇ ਯਤਨ ਕੀਤੇ ਗਏ। ਲੋੜ ਅਨੁਸਾਰ ਮਿਹਨਤ ਕੀਤੀਫਿਰ ਮੌਕਾ ਪਛਾਣਨ ਵਿਚ ਅਣਗਹਿਲੀ, ਦੇਰੀ ਜਾਂ ਗਲਤੀ ਹੋਈ ਅਤੇ ਮੌਕਾ ਸਾਡੇ ਹੱਥੋਂ ਖਿਸਕ ਗਿਆ। ਇਸ ਦਾ ਵਿਸ਼ਲੇਸ਼ਣ ਕਰਨਾ ਵੀ ਜ਼ਰੂਰੀ ਹੈ। ਅੱਜ ਕੱਲ੍ਹ ਇਹ ਰੁਝਾਨ ਵੀ ਜ਼ੋਰ ਫੜਦਾ ਜਾ ਰਿਹਾ ਹੈ ਕਿ ਹਰ ਖੇਤਰ ਵਿੱਚ ਭਵਿੱਖ ਵਿੱਚ ਜੇਤੂ ਰਹਿਣ ਵਾਲੇ ਬੱਚੇ ਦਾ ਜਨਮ ਪਰਿਵਾਰ ਵੱਲੋਂ ਜਾਂ ਕਿਸੇ ਮਸ਼ਹੂਰ ਜੋਤਸ਼ੀ ਵੱਲੋਂ ਦੱਸੇ ਗਏ ਸ਼ੁਭ ਸਮੇਂ 'ਤੇ ਕਰਵਾਉਣਾ ਚਾਹੀਦਾ ਹੈ, ਤਾਂ ਜੋ ਨਵਾਂ ਜਨਮ ਵੀ ਸ਼ਾਨਦਾਰ ਅਤੇ ਸ਼ਾਨਦਾਰ ਕਿਸਮਤ ਵਾਲਾ ਹੋਵੇ। ਹੁਣ ਜ਼ਿਆਦਾਤਰ ਕੰਮਕਾਜੀ ਮਾਵਾਂ ਬੱਚੇ ਦੇ ਜਨਮ ਤੋਂ ਪਹਿਲਾਂ ਦਰਦ ਸਹਿਣ ਨਹੀਂ ਕਰਨਾ ਚਾਹੁੰਦੀਆਂ। ਉਹ ਹਸਪਤਾਲ ਤੋਂ ਦਵਾਈ ਲੈਣ ਦੀ ਕੋਸ਼ਿਸ਼ ਕਰਦੇ ਹਨ, ਫਿਰ ਬੱਚਾ ਅਪ੍ਰੇਸ਼ਨ ਰਾਹੀਂ ਦੁਨੀਆ ਵਿਚ ਪ੍ਰਵੇਸ਼ ਕਰਦਾ ਹੈ।ਇਸ ਕਾਰਨ ਮਾਪੇ ਵੀ ਦੁਨਿਆਵੀ ਸੁਰੱਖਿਅਤ ਮਹਿਸੂਸ ਕਰਦੇ ਹਨ। ਭਾਰਤੀ ਵਾਤਾਵਰਣ ਵਿੱਚ, ਕਿਸਮਤ ਬਣਾਉਣ ਲਈ ਠੋਸ ਹੱਲ ਸੁਝਾਉਣ ਵਾਲੇ ਬਹੁਤ ਸਰਗਰਮ ਭੂਮਿਕਾ ਨਿਭਾਉਂਦੇ ਹਨ। ਇਹ ਵੀ ਦਿਲਚਸਪ ਹੈ ਕਿ ਕਿਸਮਤ ਬਣਾਉਣ ਦੇ ਕਈ ਮਹਿੰਗੇ ਤਰੀਕੇ ਹਨ. ਜਦੋਂ ਕੋਈ ਵਿਅਕਤੀ ਆਪਣੀ ਇੱਛਾ ਅਨੁਸਾਰ ਸਖ਼ਤ ਮਿਹਨਤ ਕਰਨ ਤੋਂ ਬਾਅਦ ਪਰੇਸ਼ਾਨ ਹੋ ਜਾਂਦਾ ਹੈ ਅਤੇ ਲੋੜੀਂਦੇ ਨਤੀਜੇ ਪ੍ਰਾਪਤ ਨਹੀਂ ਕਰਦਾ ਤਾਂ ਉਹ ਘਾਤਕ ਹੋ ਜਾਂਦਾ ਹੈ ਅਤੇ ਮਜਬੂਰੀ ਵਿਚ ਇਨ੍ਹਾਂ ਰਾਹਾਂ 'ਤੇ ਚੱਲਣਾ ਸ਼ੁਰੂ ਕਰ ਦਿੰਦਾ ਹੈ। ਉਹ ਆਪਣੇ ਯਤਨਾਂ ਦੀ ਤੁਲਨਾ ਦੂਜਿਆਂ ਦੀ ਮਿਹਨਤ ਅਤੇ ਕੋਸ਼ਿਸ਼ਾਂ ਨਾਲ ਨਹੀਂ ਕਰਦਾ, ਇਸ ਲਈ ਉਸ ਦੇ ਜੀਵਨ ਵਿੱਚ ਨਿਰਾਸ਼ਾ ਅਤੇ ਨਿਰਾਸ਼ਾ ਦਾ ਇੱਕ ਕੋਝਾ ਸੁਆਦ ਹੈ।ਖਿਚੜੀ ਪਕਾਉਂਦੀ ਰਹਿੰਦੀ ਹੈ ।੧।ਰਹਾਉ ਰਾਜਨੀਤੀ ਨੂੰ ਕਿਸਮਤ ਨੂੰ ਕਾਇਮ ਰੱਖਣ ਵਿੱਚ ਬਹੁਤ ਸਰਗਰਮ ਭੂਮਿਕਾ ਨਿਭਾਉਂਦੀ ਹੋਈ ਦੇਖੀ ਗਈ ਹੈ। ਰਾਜਨੀਤੀ ਸਾਡੇ ਦੇਸ਼ ਵਿੱਚ ਵੋਟਰਾਂ ਦੀ ਕਿਸਮਤ ਨੂੰ ਕੰਟਰੋਲ ਕਰਦੀ ਹੈ। ਉਨ੍ਹਾਂ ਨੂੰ ਰੋਟੀ ਦਾ ਚੂਰਾ ਦਿੱਤਾ ਜਾ ਰਿਹਾ ਹੈ ਅਤੇ ਹਾਕਮਾਂ ਦੀ ਕਿਸਮਤ ਖਰਾਬ ਕੀਤੀ ਜਾ ਰਹੀ ਹੈ। ਇਸ ਵਿੱਚ ਸਖ਼ਤ ਮਿਹਨਤ ਅਤੇ ਸਿਆਸੀ ਹੁਨਰ ਦਾ ਕੁਸ਼ਲ ਪ੍ਰਬੰਧਨ ਗੰਭੀਰ ਭੂਮਿਕਾ ਨਿਭਾਉਂਦਾ ਹੈ। ਮਿਹਨਤ ਦਾ ਰਾਹ ਔਖਾ ਹੈ, ਪਰ ਇਹ ਹਰ ਮੁਸ਼ਕਲ ਦਾ ਹੱਲ ਹੈ। ਮਿਹਨਤ ਦਾ ਕੋਈ ਬਦਲ ਨਹੀਂ ਹੈ। ਜੇ ਤੁਸੀਂ ਸਖ਼ਤ ਮਿਹਨਤ ਕਰਦੇ ਹੋ, ਤਾਂ ਤੁਸੀਂ ਆਪਣੀ ਕਿਸਮਤ ਨੂੰ ਬਦਲਣ ਦੇ ਯੋਗ ਨਹੀਂ ਹੋ ਸਕਦੇ ਹੋ, ਪਰ ਤੁਸੀਂ ਆਪਣੀ ਜ਼ਿੰਦਗੀ ਬਣਾ ਸਕਦੇ ਹੋ ਅਤੇ ਬਦਲ ਸਕਦੇ ਹੋ।

# ਸੰਘਰਸ਼ਸ਼ੀਲ ਮੁਲਾਜ਼ਮ ਆਗੂਆਂ ਨੂੰ ਘਰਾਂ/ਸਕੂਲਾਂ ਵਿੱਚ ਨਜ਼ਰ ਬੰਦ ਕਰਨ ਦੀ ਕੀਤੀ ਤਿੱਖੀ ਨਿਖੇਧੀ

## ਜਥੇਬੰਦੀਆਂ ਦੇ ਸੂਬਾਈ ਆਗੂਆਂ ਨਾਲ ਦੋਧਿਰੀ ਗੱਲਬਾਤ ਕਰਦੇ ਹੋਏ ਹੱਕੀ ਅਤੇ ਜ਼ਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕਰੇ ਪੰਜਾਬ ਸਰਕਾਰ

ਫ਼ਗਵਾੜਾ (ਲੋਕ ਬਾਣੀ ) ਲੋਕ ਸਭਾ ਚੋਣਾਂ 2024 ਲਈ ਆਮ ਲੋਕਾਂ ਤੋਂ ਵੋਟਾਂ ਮੰਗਣ ਲਈ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਵਲੋਂ ਅੱਜ ਫ਼ਗਵਾੜਾ ਵਿੱਚ ਕੀਤੇ ਜਾ ਰਹੇ ਰੋਡ ਸ਼ੋ ਕੀਤਾ ਜਾ ਰਿਹਾ ਹੈ।ਇਸ ਰੋਡ ਸ਼ੋ ਨੂੰ ਸਫ਼ਲਤਾ ਪੂਰਵਕ ਨੇਪਰੇ ਚੜ੍ਹਾਉਣ ਲਈ ਅਤੇ ਆਮ ਲੋਕਾਂ ਦੇ ਧੀਆਂ -ਪੁੱਤਰ ਜ਼ੋ ਵੱਖ? -ਵੱਖ ਮੁਲਾਜ਼ਮ ਜਥੇਬੰਦੀਆਂ ਵਿੱਚ ਆਗੂ ਰੋਲ ਨਿਭਾ ਰਹੇ ਹਨ,ਉਹ ਰੋਡ ਸ਼ੋ ਦੌਰਾਨ ਮੁੱਖ ਮੰਤਰੀ ਪੰਜਾਬ ਨੂੰ ਕੋਈ ਵੀ ਸਵਾਲ ਨਾ ਪੁੱਛ ਸਕਣ ਜਾਂ ਆਪਣੀਆਂ ਹੱਕੀ ਅਤੇ ਜ਼ਾਇਜ਼ ਮੰਗਾਂ ਨਾਲ ਸੰਬੰਧਿਤ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਨੂੰ ਨਾ ਦੇ ਸਕਣ, ਤੋਂ ਰੋਕਣ ਲਈ ਫ਼ਗਵਾੜਾ ਪੁਲਿਸ ਪ੍ਰਸ਼ਾਸਨ ਪੂਰੀ ਤਰਾਂ ਪੱਬਾਂ ਭਾਰ ਹੋਇਆ ਪਿਆ ਹੈ। ਇਸ ਦੀ ਮਿਸਾਲ ਹੈ ਕਿ ਕੱਲ੍ਹ ਰਾਤ ਤੋਂ ਹੀ ਫ਼ਗਵਾੜਾ ਪੁਲਿਸ ਪ੍ਰਸ਼ਾਸਨ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੂੰ ਘਰਾਂ/ਸਕੂਲਾਂ ਵਿੱਚ ਨਜ਼ਰ ਬੰਦ ਕਰਨ ਲੱਗਾ ਹੋਇਆ ਹੈ।ਇਸ ਮੁਹਿਮ ਦੇ ਤਹਿਤ ਗਜ਼ਟਿਡ ਅਤੇ ਨਾਨ ਗਜ਼ਟਿਡ ਐੱਸ.ਸੀ.ਬੀ. ਸੀ.ਇੰਪਲਾਈਜ਼ ਫੈਡਰੇਸ਼ਨ ਕਪੂਰਥਲਾ ਦੇ ਪ੍ਰਧਾਨ ਸਤਵੰਤ ਟੂਰਾ ਨੂੰ ਉਹਨਾਂ ਦੇ ਘਰ ਵਿੱਚ ਅਤੇ ਪੁਰਾਣੀ ਪੈਂਨਸ਼ਨ



ਬਹਾਲੀ ਸੰਘਰਸ਼ ਕਮੇਟੀ ਕਪੂਰਥਲਾ ਦੇ ਪ੍ਰਧਾਨ ਪਰਮਿੰਦਰ ਪਾਲ ਸਿੰਘ ਨੂੰ ਉਹਨਾਂ ਦੇ ਘਰ ਅਤੇ ਸਕੂਲ ਵਿੱਚ ਨਜ਼ਰ ਬੰਦ ਕੀਤਾ ਗਿਆ ਹੈ ਇਸੇ ਤਰ੍ਹਾਂ ਹੀ ਬਲਵਿੰਦਰ ਨਿਧੜਕ ਸ ਸ ਮਾਸਟਰ ਮਲਕਪੁਰ, ਲਖਵੀਰ ਚੰਦ ਪੰਜਾਬੀ ਮਾਸਟਰ, ਸਤਨਾਮ ਗਿੱਲ ਨੰਗਲ ਮੱਝਾ ਅਤੇ ਮਨਜੀਤ ਗਾਟ ਗੰਢਵਾਂ ਨੂੰ ਵੀ ਨਜ਼ਰ ਬੰਦ ਕੀਤਾ ਗਿਆ ਹੈ।ਉਪਰੋਕਤ ਆਗੂਆਂ ਨੂੰ ਪੁਲਿਸ ਪ੍ਰਸ਼ਾਸਨ ਫਗਵਾੜਾ ਵਲੋਂ ਨਜ਼ਰ ਬੰਦ ਕਰਨ ਦੀ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਅਤੇ ਸਰਪ੍ਰਸਤ ਅਤੇ ਸੂਬਾਈ ਆਗੂ ਕਰਨੈਲ ਸਿੰਘ ਸੰਧੂ ਨੇ ਤਿੱਖੇ ਸ਼ਬਦਾਂ ਵਿੱਚ ਸਖ਼ਤ ਨਿਖੇਧੀ ਕਰਦੇ ਹੋਏ ਕਿਹਾ ਕਿ ਵੱਖ -ਵੱਖ ਜਥੇਬੰਦੀਆਂ ਦੇ ਆਗੂਆਂ ਨੂੰ ਆਪਣੇ ਰੋਡ ਸ਼ੋ ਦੀ ਆਮਦ ਵੇਲੇ ਘਰਾਂ/ਸਕੂਲਾਂ ਵਿੱਚ ਨਜ਼ਰ ਬੰਦ ਕਰਨ ਨਾਲ ਕੋਈ ਵੀ ਮਸਲਾ ਹੱਲ ਨਹੀਂ ਹੋਣਾ ਸਗੋਂ ਲੋਕਤੰਤਰ ਦਾ ਘਾਂਣ ਕਰਨ ਅਤੇ ਉਹਨਾਂ ਦੇ ਸਵਾਲਾਂ ਦੇ ਜਵਾਬ ਨਾ ਦੇਣ ਨਾਲ ਆਪ ਜੀ ਦੀ ਸਰਕਾਰ ਦੀ ਬਦਨਾਮੀ ਹੀ ਹੋਵੇਗੀ ਅਤੇ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਵੱਡਾ ਨੁਕਸਾਨ ਹੋਵੇਗਾ। ਉਹਨਾਂ ਨੇ ਜ਼ੋਰਦਾਰ ਢੰਗ ਨਾਲ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਦਾ ਭਲਾ ਇਸ ਗੱਲ ਵਿੱਚ ਹੀ ਹੈ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਹੋਰ ਸੂਬਾਈ ਜਥੇਬੰਦੀਆਂ ਦੇ ਆਗੂਆਂ ਨਾਲ ਸੁਖਾਵੇਂ ਮਾਹੌਲ ਵਿੱਚ ਦੋ ਧਿਰੀ ਗੱਲਬਾਤ ਕਰਦੇ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਹੱਕੀ ਅਤੇ ਜ਼ਾਇਜ਼ ਮੰਗਾਂ ਦਾ ਨਿਪਟਾਰਾ ਕਰਨ ਲਈ ਤੁਰੰਤ ਗੰਭੀਰਤਾ ਦਿਖਾਈ ਜਾਵੇ ਅਤੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੂੰ ਆਪਣੇ ਘਰਾਂ ਅਤੇ ਸਕੂਲਾਂ ਵਿੱਚ ਨਜ਼ਰ ਬੰਦ ਕਰਨਾ ਤੁਰੰਤ ਬੰਦ ਕੀਤਾ ਜਾਵੇ ਤਾਂ ਜ਼ੋ ਉਹ ਆਪਣੀ ਡਿਊਟੀ ਨੂੰ ਵਧੀਆ ਢੰਗ ਨਾਲ ਨਿਭਾਉਣ ਦਾ ਯਤਨ ਗੰਭੀਰਤਾ ਨਾਲ ਕਰਦੇ ਰਹਿਣ? ਉਹਨਾਂ ਨੇ ਪੰਜਾਬ ਸਰਕਾਰ ਨੂੰ ਚਿਤਵਾਨੀ ਦਿੰਦਿਆਂ ਕਿਹਾ ਕਿ ਜੇ ਅਜਿਹੇ ਘਿਨਾਉਣੇ ਹੱਥ ਕੰਡੇ ਵਰਤਣੇ ਤੁਰੰਤ ਬੰਦ ਨਾ ਕੀਤੇ ਤਾਂ ਸਮੂਹ ਮੁਲਾਜਮ ਅਤੇ ਪੈਨਸ਼ਨਰ ਵਰਗ ਆਮ ਪਾਰਟੀ ਨੂੰ ਲੋਕ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਲਈ ਪੂਰੀ ਤਰ੍ਹਾਂ ਸਰਗਰਮ ਹੋਣਗੇ



*ਸ਼੍ਰੀ ਭੂਸ਼ਨ ਬਾਂਸਲ ਤੇ ਸ਼੍ਰੀਮਤੀ ਅਨੀਤਾ ਬਾਂਸਲ ਨੂੰ ਵਿਆਹ ਦੀ 40 ਵੀਂ ਵਰੇਗੰਢ ਦੀਆਂ ਲੱਖ ਲੱਖ ਵਧਾਈਆਂ*

## ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਅਤੇ ਬੂਥ ਨੰਬਰ 89 ਸਲੋਹ ਵਿਖੇ ਲੋਕ ਸਭਾ ਚੋਣਾ ਮੱਦੇਨਜ਼ਰ ਵੋਟਰ ਪ੍ਰਣ ਲਿਆ ਗਿਆ

ਸਹੀਦ ਭਗਤ ਸਿੰਘ ਨਗਰ 02 ਮਈ (ਰਮੇਸ ਸਰਮਾ£ਮਨਪ੍ਰੀਤ ਵਾਸੂ)ਜ਼ਿਲ੍ਹਾ ਚੋਣ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ. ਅਕਸ਼ਿਤਾ ਗੁਪਤਾ ਆਈ. ਏ.ਐਸ. ਉੱਪ-ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਜੀ ਦੀਆਂ ਹਦਾਇਤਾਂ ਅਨੁਸਾਰ ਜਿੱਥੇ ਲੋਕ ਸਭਾ ਚੋਣਾ 2024 ਦੇ ਮੱਦੇਨਜ਼ਰ ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਅਤੇ ਸਮੂਹ ਅਧਿਆਪਕਾ ਅਤੇ ਬੱਚਿਆ ਵਲੋਂ ਅਤੇ ਬੂਥ ਨੰਬਰ 89 ਦੇ ਬੂਥ ਲੈਵਲ ਅਫਸਰ ਲਕਸਮੀ ਦੇ ਸਹਿਯੋਗ ਨਾਲ ਜਿੱਥੇ ਵੋਟਰ ਪ੍ਰਣ ਲਿਆ ਗਿਆ, ਉੱਥੇ ਸਵੀਪ ਗਤੀਵਿਧੀਆਂ ਤਹਿਤ ਤਰਸੇਮ ਲਾਲ ਸਵੀਪ ਨੋਡਲ ਅਫ਼ਸਰ ਵਲੋਂ ਜਾਗਰੂਕ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਡਿਪਟੀ ਸਮੂਹ ਸਿੱਖਿਆ ਅਤੇ ਸੂਚਨਾ ਅਫ਼ਸਰ ਅਤੇ ਸਵੀਪ ਗਤੀਵਿਧੀਆ ਦੇ ਨੋਡਲ ਅਫ਼ਸਰ ਤਰਸੇਮ ਲਾਲ ਵਲੋਂ ਸਮੂਹ ਅਧਿਆਪਕਾਂ ਅਤੇ ਵੋਟਰਾਂ ਨੂੰ ਵੋਟਰ ਪ੍ਰਣ ਦਿਵਾਇਆ ਗਿਆ। ਜਿਸ ਵਿੱਚ ਉਹਨਾਂ ਨੇ "ਅਸੀ ਭਾਰਤ ਦੇ ਨਾਗਰਿਕ ਲੋਕਤੰਤਰ ਵਿੱਚ ਪੂਰਾ ਵਿਸ਼ਵਾਸ ਰੱਖਦੇ ਹਾਂ ਕਿ ਅਸੀ ਆਪਣੇ ਦੇਸ਼ ਦੀਆ ਲੋਕਤੰਤਰੀ ਪਰੰਪਰਾਵਾ ਕਾਇਮ ਰੱਖਾਂਗੇ ਅਤੇ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਦਾ ਮਾਣ ਬਰਕਰਾਰ ਰੱਖਦੇ ਹੋਏ, ਨਿਡੱਰ ਹੋ ਕੇ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ ਸਾਰੀਆ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋ ਕਰਾਂਗੇ।"ਨੂੰ ਸਾਰਥਕ ਕਰਨ ਦੀ ਅਪੀਲ ਕੀਤੀ।






ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ। ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com